ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ, 05 ਅਕਤੂਬਰ 2024
Email:- lokbani08@gmail.com

### ਅੱਜ ਦਾ ਸ਼ੁਭ ਵਿਚਾਰ



ਸਾਨੂੰ ਸੰਸਾਰੀ ਜੀਵਾਂ ਨੂੰ ਹਰ ਇੱਕ ਮਨੁੱਖ ਦਾ ਭਲਾ ਮੰਗਣਾ ਚਾਹੀਦਾ ਹੈ ਕਿਉਂਕਿ ਅਜੋਕੇ ਸਮੇਂ ਵਿੱਚ ਹਰ ਮਨੁੱਖ ਮੈਂ ਮੇਰੀ ਹੰਕਾਰ ਵਿੱਚ ਹੀ ਆਪਣਾ ਕੀਮਤੀ ਸਮਾਂ ਵਿਅਰਥ ਕਰਦਾ ਜਾ ਰਿਹਾ ਹੈ। ਸਾਨੂੰ ਗੁਰੂ ਦੇ ਭਾਣੇ ਵਿੱਚ ਰਹਿਣਾ ਚਾਹੀਦਾ ਹੈ।

ਰਣਜੀਤ ਸਿੰਘ ਸ਼ੇਰਪੁਰ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 116, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਪਾਕਿਸਤਾਨ ਵਿਚ ਇਮਰਾਨ ਖਾਨ ਦੀਆਂ ਭੈਣਾ ਨੂੰ ਕੀਤਾ ਗਿਆ ਗ੍ਰਿਫਤਾਰ



**ਇਸਲਾਮਾਬਾਦ ਲੋਕ ਬਾਣੀ-** ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ.ਟੀ.ਆਈ.) ਨੇ ਕਿਹਾ ਕਿ ਪੁਲਿਸ ਨੇ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀਆਂ ਭੈਣਾਂ - ਅਲੀਮਾ ਖ਼ਾਨ ਅਤੇ ਉਜ਼ਮਾ ਖ਼ਾਨ ਨੂੰ ਇਸਲਾਮਾਬਾਦ ਦੇ ਡੀ ਚੌਂਕ ਤੋਂ ਗ੍ਰਿਫ਼ਤਾਰ ਕੀਤਾ ਹੈ। ਸ਼ਾਂਤਮਈ ਵਿਰੋਧ ਦਾ। ਇਮਰਾਨ ਖ਼ਾਨ ਦੁਆਰਾ ਸਥਾਪਿਤ ਪਾਰਟੀ ਨੇ ਸਰਕਾਰ ਨੂੰ ਜਾਅਲੀ ਅਤੇ ਦਹਿਸ਼ਤ ਦਾ ਸ਼ਿਕਾਰ ਦੱਸਦੇ ਹੋਏ ਕਿਹਾ ਕਿ ਸਰਕਾਰ ਲੋਕਾਂ ਨੂੰ ਆਪਣੀ ਨਾਜਾਇਜ਼ ਤਾਕਤ ਨੂੰ ਕਾਇਮ ਰੱਖਣ ਲਈ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝੇ ਕਰਕੇ ਫਾਸ਼ੀਵਾਦ ਦੀਆਂ ਸਾਰੀਆਂ ਹੱਦਾਂ ਪਾਰ ਕਰ ਰਹੀ ਹੈ।

## ਕੋਰਟ ਨੇ ਸਰਕਾਰਾਂ ਨੂੰ ਪਤਰਕਾਰਾਂ ਦੇ ਹੱਕ ਵਿੱਚ ਸੁਣਾਇਆ ਅਹਿਮ ਫੈਸਲਾ



ਨਵੀਂ ਦਿੱਲੀ, ਲੋਕ ਬਾਣੀ--ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਇਕ ਅਹਿਮ ਹੁਕਮ ਜਾਰੀ ਕਰਦਿਆਂ ਕਿਹਾ ਹੈ ਕਿ ਸਰਕਾਰਾਂ ਵੱਲੋਂ ਮਹਿਜ਼ ਇਸ ਆਧਾਰ ਉਤੇ ਪੱਤਰਕਾਰਾਂ ਖ਼ਿਲਾਫ਼ ਫ਼ੌਜਦਾਰੀ ਕੇਸ ਨਾ ਦਰਜ ਕੀਤੇ ਜਾਣ ਕਿ ਉਨ੍ਹਾਂ ਦੀਆਂ ਲਿਖਤਾਂ ਨੂੰ ਸਰਕਾਰ ਦੀ ਆਲੋਚਨਾ ਵਜੋਂ ਦੇਖਿਆ ਜਾਂਦਾ ਹੈ। ਸੁਪਰੀਮ ਕੋਰਟ ਦੇ ਜਸਟਿਸ ਰਿਸ਼ੀਕੇਸ਼ ਰਾਏ ਅਤੇ ਜਸਟਿਸ ਐੱਸਵੀਐੱਨ ਭੱਟੀ ਨੇ ਕਿਹਾ ਕਿ ਜਮਹੂਰੀ ਮੁਲਕਾਂ ਵਿਚ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦਾ ਸਤਿਕਾਰ ਕੀਤਾ ਜਾਂਦਾ ਹੈ ਅਤੇ ਦੇਸ਼ ਵਿਚ ਪੱਤਰਕਾਰਾਂ ਦੇ ਹੱਕਾਂ ਨੂੰ ਸੰਵਿਧਾਨ ਦੀ ਧਾਰਾ 19(1)(ਏ) ਤਹਿਤ ਸੁਰੱਖਿਅਤ ਕੀਤਾ ਗਿਆ ਹੈ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |
91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਜੂਨੀਅਰ ਡਾਕਟਰਾਂ ਨੇ ਕੋਲਕਾਤਾ ਚ ਹੜਤਾਲ ਲਈ ਵਾਪਸ




**ਕੋਲਕਾਤਾ, ਲੋਕ ਬਾਣੀ-** - ਜਬਰ-ਜਨਾਹ ਮਗਰੋਂ ਹੱਤਿਆ ਮਾਮਲੇ ਦੀ ਪੀੜਤਾ ਲਈ ਇਨਸਾਫ਼ ਦੀ ਮੰਗ ਕਰ ਰਹੇ ਪ੍ਰਦਰਸ਼ਨਕਾਰੀ ਜੂਨੀਅਰ ਡਾਕਟਰਾਂ ਨੇ ਅੱਜ ਸਰਕਾਰੀ ਮੈਡੀਕਲ ਕਾਲਜਾਂ ਅਤੇ ਹਸਪਤਾਲਾਂ 'ਚ ਮੁਕੰਮਲ ਕੰਮ ਬੰਦ ਕਰਨ ਦਾ ਸੱਦਾ ਵਾਪਸ ਲੈ ਲਿਆ ਹੈ। ਉਂਜ ਉਨ੍ਹਾਂ ਪੱਛਮੀ ਬੰਗਾਲ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ 24 ਘੰਟਿਆਂ ਅੰਦਰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਉਹ ਮਰਨ ਵਰਤ ਸ਼ੁਰੂ ਕਰ ਦੇਣਗੇ। ਕੋਲਕਾਤਾ ਮੈਡੀਕਲ ਕਾਲਜ ਤੇ ਹਸਪਤਾਲ ਦੇ ਡਾਕਟਰ ਦੇਬਾਸ਼ੀਸ਼ ਹਲਦਰ ਨੇ ਕਿਹਾ ਕਿ ਧਰਨਾ-ਪ੍ਰਦਰਸ਼ਨ ਜਾਰੀ ਰੱਖਿਆ ਜਾਵੇਗਾ।

## ਛੱਤੀਸਗੜ੍ਹ ਵਿਚ ਨਕਸਲਿਆਂ ਤੇ ਸੁਰੱਖਿਆ ਬਲਾਂ ਚ ਹੋਇਆ ਮੁਕਾਬਲਾ



ਦਾਂਤੇਵਾੜਾ, ਲੋਕ ਬਾਣੀ- ਛੱਤੀਸਗੜ੍ਹ ਦੇ ਬਸਤਰ ਖੇਤਰ 'ਚ ਅੱਜ ਸੁਰੱਖਿਆ ਬਲਾਂ ਨਾਲ ਮੁਕਾਬਲੇ 'ਚ 28 ਨਕਸਲੀ ਮਾਰੇ ਗਏ ਹਨ। ਬਸਤਰ ਰੇਂਜ ਦੀ ਪੁਲੀਸ ਦੇ ਆਈਜੀ ਸੁੰਦਰਰਾਜ ਨੇ ਪੀਟੀਆਈ ਨੂੰ ਦੱਸਿਆ ਕਿ ਇਹ ਮੁਕਾਬਲਾ ਇੱਥੋਂ ਦੇ ਅਬੂਝਮਾੜ ਇਲਾਕੇ 'ਚ ਹੋਇਆ।

ਉਨ੍ਹਾਂ ਦੱਸਿਆ ਕਿ ਨਾਰਾਇਣਪੁਰ ਅਤੇ ਦਾਂਤੇਵਾੜਾ ਜ਼ਿਲ੍ਹਿਆਂ ਦੀ ਹੱਦ 'ਤੇ ਸਥਿਤ ਅਬੂਝਮਾੜ ਖੇਤਰ 'ਚ ਥੁਲਥੁਲੀ ਤੇ ਨੈਂਦੂਰ ਪਿੰਡਾਂ ਵਿਚਾਲੇ ਪੈਂਦੇ ਜੰਗਲੀ ਇਲਾਕੇ ਵਿੱਚ ਮਾਓਵਾਦੀਆਂ ਦੀ ਹਾਜ਼ਰੀ ਦੀ ਸੂਚਨਾ ਮਿਲਣ ਮਗਰੋਂ ਸੁਰੱਖਿਆ ਬਲਾਂ ਦੀ ਸਾਂਝੀ ਟੀਮ ਨੇ ਮੁਹਿੰਮ ਚਲਾਈ। ਉਨ੍ਹਾਂ ਦੱਸਿਆ ਕਿ ਬਾਅਦ ਦੁਪਹਿਰ 1 ਵਜੇ ਦੇ ਕਰੀਬ ਨਕਸਲੀਆਂ ਨੇ ਸੁਰੱਖਿਆ ਬਲਾਂ 'ਤੇ ਗੋਲੀ ਚਲਾ ਦਿੱਤੀ ਜਿਸ ਮਗਰੋਂ ਜਵਾਨਾਂ ਨੇ ਵੀ ਜਵਾਬੀ ਕਾਰਵਾਈ ਕੀਤੀ

## ਪੰਜਾਬ ਵਿੱਚ ਸਵਾਰੀਆਂ ਨਾਲ ਭਰੀ ਬੱਸ ਪਲਟੀ




**ਸੰਗਰੂਰ, ਲੋਕ ਬਾਣੀ-** ਚੰਡੀਗੜ੍ਹ- ਬਠਿੰਡਾ ਮੁੱਖ ਮਾਰਗ। ਤੇ ਪੀ.ਆਰ.ਟੀ.ਸੀ. ਦੀ ਬੱਸ ਪਲਟ ਜਾਣ ਕਾਰਨ ਕਰੀਬ 15 ਸਵਾਰੀਆਂ ਦੇ ਜ਼ਖ਼ਮੀ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ । ਜਾਣਕਾਰੀ ਅਨੁਸਾਰ ਪਟਿਆਲਾ ਵਲੋਂ ਆਉਂਦੀ ਪੀ. ਆਰ. ਟੀ. ਸੀ. ਦੀ ਬੱਸ ਜਦੋਂ ਬਾਲਦ ਕੈਂਚੀਆਂ ਨੇੜੇ ਪਹੁੰਚੀ ਤਾਂ ਕਿਸੇ ਵਾਹਨ ਨੂੰ ਓਵਰਟੇਕ ਕਰਦੀ ਖਤਾਨਾਂ ਵਿਚ ਪਲਟ ਗਈ , ਜਿਸ ਕਾਰਨ ਕਰੀਬ 15 ਸਵਾਰੀਆਂ ਨੂੰ ਸੱਟਾਂ ਲੱਗੀਆਂ । ਮੌਕੇ ਤੇ ਪਹੁੰਚੀ ਪੁਲਿਸ ਵਲੋਂ ਜ਼ਖ਼ਮੀਆਂ ਨੂੰ ਹਸਪਤਾਲ ਵਿਚ ਪਹੁੰਚਾਇਆ ।

## ਸੂਬੇ ਚਚੋਣਾਂ ਦੋਰਾਨ ਚੱਲੀ ਗੋਲੀ



**ਅੰਮ੍ਰਿਤਸਰ, ਲੋਕ ਬਾਣੀ-** ਪੁਲਿਸ ਥਾਣਾ ਲੋਪੋਕੇ ਅਧੀਨ ਆਉਂਦੇ ਪਿੰਡ ਕਮਾਸਕੇ ਵਿਖੇ ਪੰਚਾਇਤੀ ਚੋਣਾਂ ਨੂੰ ਲੈ ਕੇ ਹੋਈ ਤਕਰਾਰ ਚ ਚੱਲੀ ਗੋਲੀ ਵਿਚ ਇਕ ਔਰਤ ਦੀ ਮੌਤ ਹੋ ਜਾਣ ਤੇ 2 ਵਿਅਕਤੀ ਗੰਭੀਰ ਜ਼ਖ਼ਮੀ ਹੋ ਜਾਣ ਦੀ ਖ਼ਬਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਕਮਾਸਕੇ ਦੇ ਦੋ ਧੜਿਆਂ ਵਲੋਂ ਕਾਗ਼ਜ਼ ਜਮਾਂ ਕਰਵਾਉਣ ਨੂੰ ਲੈ ਕੇ ਰਾਜਾਸਾਂਸੀ ਵਿਖੇ ਤਕਰਾਰ ਹੋਈ। ਇਕ ਧੜੇ ਨੇ ਰਾਤ ਨੂੰ ਦੂਜੀ ਧਿਰ ਤੇ ਹਮਲਾ ਕਰਕੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਕੁਲਦੀਪ ਕੌਰ ਦੇ ਸਿਰ ਵਿਚ ਸੱਟ ਲੱਗਣ ਕਾਰਨ ਮੌਤ ਹੋ ਗਈ। ਜਗਰੂਪ ਸਿੰਘ ਅਤੇ ਗੁਰਪ੍ਰੀਤ ਸਿੰਘ ਗੰਭੀਰ ਜ਼ਖ਼ਮੀ ਹੋ ਗਏ।

## ਵਿਦਿਆਰਥੀਆਂ ਲਈ ਰਾਜਸਥਾਨ ਸਰਕਾਰ ਨੇ ਕੀਤਾ ਐਲਾਨ



**ਜੈਪੁਰ, ਲੋਕ ਬਾਣੀ--:** ਰਾਜਸਥਾਨ ਸਰਕਾਰ ਨੇ ਇੱਕ ਵਾਰ ਫਿਰ ਪ੍ਰੀਖਿਆਰਥੀ ਲਈ ਵਿਸ਼ੇਸ਼ ਸਹੂਲਤਾਂ ਦਾ ਐਲਾਨ ਕੀਤਾ ਹੈ। 5 ਅਕਤੂਬਰ ਨੂੰ ਹੋਣ ਵਾਲੀਆਂ ਪ੍ਰੀਖਿਆਵਾਂ ਲਈ ਰਾਜਸਥਾਨ ਰੋਡਵੇਜ਼ ਦੀਆਂ ਬੱਸਾਂ ਵਿੱਚ ਪ੍ਰੀਖਿਆਰਥੀ ਨੂੰ ਮੁਫ਼ਤ ਸਫ਼ਰ ਦੀ ਸਹੂਲਤ ਮਿਲੇਗੀ। ਇਹ ਵਿਸ਼ੇਸ਼ ਸਹੂਲਤ ਉਨ੍ਹਾਂ ਸਾਰੇ ਵਿਦਿਆਰਥੀਆਂ ਲਈ ਹੈ, ਜਿਨ੍ਹਾਂ ਦੀ ਪ੍ਰੀਖਿਆ ਇਸ ਦਿਨ ਹੋਣੀ ਹੈ।

## ਜਲੰਧਰ ਚ 66 ਫੁੱਟ ਰੋੜ ਵਾਲੀ ਤਰਜ਼ ਤੇ ਬਣਨ ਜਾ ਰਿਹਾ ਹੈ ਵੱਡਾ ਪ੍ਰੋਜੈਕਟ



ਜਲੰਧਰ, ਲੋਕ ਬਾਣੀ - ਹੁਸ਼ਿਆਰਪੁਰ ਰੋਡ ਤੋਂ ਆਦਮਪੁਰ ਏਅਰਪੋਰਟ ਨੂੰ ਜਾਣ ਵਾਲੀ 66 ਫੁੱਟ ਐਰੋ ਸਿਟੀ ਐਮ.ਈ.ਐਸ ਰੋਡ ਨੂੰ ਮਿਲੀ ਮਨਜ਼ੂਰੀ, ਕਈ ਵੱਡੇ ਪ੍ਰੋਜੈਕਟਾਂ ਦੀ ਉਸਾਰੀ ਸ਼ੁਰੂ ਹੋ ਗਈ ਹੈ, ਆਉਣ ਵਾਲੇ ਦਿਨਾਂ ਵਿੱਚ ਇਸ ਸੜਕ ਦੀ ਜ਼ਮੀਨ ਸਭ ਤੋਂ ਮਹਿੰਗੀ ਹੋ ਜਾਵੇਗੀ ਤੇ ਕਈ ਵੱਡੇ ਪ੍ਰੋਜੈਕਟ ਹੋ ਰਹੇ ਹਨ ਸ਼ੁਰੂ ਜ਼ਮੀਨ ਦੇ ਰੇਟਾਂ ਵਿੱਚ ਆਵੇਗੀ ਤੇਜ਼ੀ ਹਰਿਆਂ ਭਰੀਆਂ ਮਾਹੌਲ ਸ਼ਹਿਰ ਤੋਂ ਥੋੜ੍ਹੀ ਦੂਰ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਅਕਾਲੀ ਦਲ ਵੱਲੋਂ ਚੋਣ ਕਮਿਸ਼ਨ ਨੂੰ ਹਿੰਸਾ ਗ੍ਰਸਤ ਸਾਰੀਆਂ ਥਾਵਾਂ ’ਤੇ ਨਾਮਜ਼ਦਗੀ ਦਾਖਲ ਕਰਨ ਦਾ ਸਮਾਂ ਵਧਾਉਣ ਦੀ ਅਪੀਲ



ਚੰਡੀਗੜ੍ਹ, (ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਨੇ ਅੱਜ ਸੂਬਾਈ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਪੰਚਾਇਤ ਚੋਣਾਂ ਦੌਰਾਨ ਜਿਹਨਾਂ ਥਾਵਾਂ ’ਤੇ ਅੱਜ ਹਿੰਸਾ ਹੋਈ ਅਤੇ ਜਿਥੇ ਕਿਤੇ ਵਿਰੋਧੀ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਨਹੀਂ ਕਰਨ ਦਿੱਤਾ ਗਿਆ, ਉਹਨਾਂ ਸਾਰੀਆਂ ਥਾਵਾਂ ’ਤੇ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਸਮਾਂ ਵਧਾਇਆ ਜਾਵੇ ਅਤੇ ਜੋ ਸਿਵਲ ਤੇ ਪੁਲਿਸ ਅਧਿਕਾਰੀ ਆਪਣਾ ਫਰਜ਼ ਨਿਭਾਉਣ ਵਿਚ ਨਾਕਾਮ ਰਹੇ ਤੇ ਆਮ ਆਦਮੀ ਪਾਰਟੀ ਦੇ ਮੰਤਰੀਆਂ ਤੇ ਵਿਧਾਇਕਾਂ ਨਾਲ ਰਲ ਕੇ ਲੋਕਤੰਤਰ ਦਾ ਕਤਲ ਕਰਦੇ ਰਹੇ, ਉਹਨਾਂ ਸਭ ਦੇ ਤਬਾਦਲੇ ਕੀਤੇ ਜਾਣ।

ਸਾਬਕਾ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਦੀ ਅਗਵਾਈ ਹੇਠ ਅਕਾਲੀ ਦਲ ਦੇ ਵਫਦ, ਜਿਸ ਵਿਚ ਮੁੱਖ ਬੁਲਾਰੇ ਅਰਸ਼ਦੀਪ ਸਿੰਘ ਕਲੇਰ ਵੀ ਸ਼ਾਮਲ ਸਨ, ਨੇ ਸੂਬਾਈ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨਾਲ ਮੁਲਾਕਾਤ ਕਰ ਕੇ ਆਪ ਦੇ ਆਗੂਆਂ ਵੱਲੋਂ ਵਿਰੋਧੀ ਧਿਰ ਦੇ ਉਮੀਦਵਾਰਾਂ ਖਿਲਾਫ ਕੀਤੀ ਹਿੰਸਾ ਖਿਲਾਫ ਸਖ਼ਤ ਰੋਸ ਜ਼ਾਹਰ ਕੀਤਾ ਅਤੇ ਮੰਗ ਕੀਤੀ ਕਿ ਆਮ ਆਦਮੀ ਪਾਰਟੀ ਵੱਲੋਂ ਪੰਚਾਇਤ ਚੋਣਾਂ ’ਤੇ ਮੁਕੰਮਲ ਕਬਜ਼ਾ ਕਰਨ ਦੀ ਆਜ਼ਾਦ ਤੇ ਨਿਰਪੱਖ ਜਾਂਚ ਕਰਵਾਈ ਜਾਵੇ।

ਵਫਦ ਨੇ ਜ਼ੋਰ ਦੇ ਕੇ ਕਿਹਾ ਕਿ ਫੌਰੀ ਕਦਮ ਚੁੱਕਣ ਦੀ ਜ਼ਰੂਰਤ ਹੈ ਨਹੀਂ ਤਾਂ ਪੰਜਾਬ ਵਿਚ ਨਿਰਪੱਖ ਤੇ ਆਜ਼ਾਦ ਚੋਣਾਂ ਕਰਵਾਉਣੀਆਂ ਸੰਭਵ ਨਹੀਂ ਹੋਣਗੀਆਂ।

ਵਫਦ ਨੇ ਜ਼ੋਰ ਦੇ ਕੇ ਕਿਹਾ ਕਿ ਸਿਵਲ ਤੇ ਪੁਲਿਸ ਅਧਿਕਾਰੀ ਨਾ ਸਿਰਫ ਆਪਣਾ ਫਰਜ਼ ਨਿਭਾਉਣ ਵਿਚ ਨਾਕਾਮ ਰਹੇ ਹਨ ਬਲਕਿ ਸ਼ਰ੍ਹੇਆਮ ਆਪ ਆਗੂਆਂ ਨਾਲ ਰਲੇ ਹੋਏ ਹਨ। ਉਹਨਾਂ ਕਿਹਾ ਕਿ ਅਸੀਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਹੈ ਕਿ ਉਹ ਰਿਟਰਨਿੰਗ ਅਫਸਰਾਂ ਨੂੰ ਹਦਾਇਤ ਦੇਣ ਕਿ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਅੰਤਿਮ ਸਮਾਂ ਵਧਾ ਕੇ ਸਾਰੇ ਉਮੀਦਵਾਰਾਂ ਨੂੰ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਆਗਿਆ ਦਿੱਤੀ ਜਾਵੇ। ਉਹਨਾਂ ਕਿਹਾ ਕਿ ਅਸੀਂ ਚੋਣ ਕਮਿਸ਼ਨ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਉਹ ਪੁਲਿਸ ਵਿਭਾਗ ਨੂੰ ਹਦਾਇਤ ਕਰੇ ਕਿ ਸਾਰੇ ਉਮੀਦਵਾਰਾਂ ਨੂੰ ਉਹਨਾਂ ਦੇ ਆਪੋ ਆਪਣੇ ਖੇਤਰਾਂ ਵਿਚ ਬੀ ਡੀ ਪੀ ਓ ਦਫਤਰਾਂ ਤੱਕ ਪਹੁੰਚ ਕਰਨ ਦੀ ਆਗਿਆ ਦਿੱਤੀ ਜਾਵੇ।

ਡਾ. ਚੀਮਾ ਨੇ ਆਪਣਾ ਫਰਜ਼ ਨਿਭਾਉਣ ਵਿਚ ਅਸਫਲ ਰਹੇ ਸਿਵਲ ਤੇ ਪੁਲਿਸ ਅਧਿਕਾਰੀਆਂ ਦੇ ਤਬਾਦਲੇ ਦੀ ਮੰਗ ਕੀਤੀ ਤਾਂ ਜੋ ਲੋਕਤੰਤਰੀ ਪ੍ਰਕਿਰਿਆ ਵਿਚ ਵਿਸ਼ਵਾਸ ਬਹਾਲ ਕੀਤਾ ਜਾ ਸਕੇ।

ਅਕਾਲੀ ਦਲ ਦੇ ਵਫਦ ਨੇ ਚੋਣ ਕਮਿਸ਼ਨ ਨੂੰ ਆਪ ਦੇ ਗੁੰਡਿਆਂ ਵੱਲੋਂ ਕੀਤੀ ਹਿੰਸਾ ਤੇ ਵਿਰੋਧੀ ਧਿਰ ਦੇ ਉਮੀਦਵਾਰਾਂ ਦੀ ਕੀਤੀ ਖਜੱਲ ਖੁਆਰੀ ਦੇ ਵੀਡੀਓ ਸਬੂਤ ਵੀ ਦਿੱਤੇ ਹਨ।ਵਫਦ ਨੇ ਦੱਸਿਆ ਕਿ ਮੋਗਾ ਵਿਚ ਆਪ ਦੀ ਮਦਦ ਨਾਲ ਗੁੰਡਿਆਂ ਨੇ ਵਿਰੋਧੀ ਧਿਰ ਦੇ ਉਮੀਦਵਾਰਾਂ ਨੂੰ ਡਰਾਉਣ ਵਾਸਤੇ ਗੋਲੀਆਂ ਚਲਾਈਆਂ ਤੇ ਨਾਮਜ਼ਦਗੀ ਪੱਤਰ ਖੋਹ ਕੇ ਪਾੜ ਦਿੱਤੇ। ਵਫਦ ਨੇ ਦੱਸਿਆ ਕਿ ਮੋਗਾ ਦੇ ਧਰਮਕੋਟ ਅਤੇ ਕੋਟ ਈਸੇ ਖਾਂ ਵਿਚ ਪੁਲਿਸ ਨੇ ਵਿਰੋਧੀ ਵਰਕਰਾਂ ਖਿਲਾਫ ਹੀ ਕਾਰਵਾਈ ਕਰ ਦਿੱਤੀ ਜਦੋਂ ਕਿ ਉਹ ਤਾਂ ਪਹਿਲਾਂ ਹੀ ਆਪ ਦੇ ਗੁੰਡਿਆਂ ਦੇ ਹੱਥੋਂ ਗੁੰਡਾਗਰਦੀ ਦਾ ਸ਼ਿਕਾਰ ਸਨ।

ਵਫਦ ਨੇ ਦੱਸਿਆ ਕਿ ਕਿਵੇਂ ਆਪ ਦੇ ਉਮੀਦਵਾਰਾਂ ਨੂੰ ਪਿਛਲੇ ਦਰਵਾਜ਼ੇ ਰਾਹੀਂ ਬੀ ਡੀ ਪੀ ਓ ਦਫਤਰਾਂ ਵਿਚ ਲਿਜਾਇਆ ਗਿਆ ਤੇ ਵਿਰੋਧੀ ਧਿਰ ਦੇ ਉਮੀਦਵਾਰ ਸਵੇਰ ਤੋਂ ਹੀ ਲੰਬੀਆਂ ਕਤਾਰਾਂ ਵਿਚ ਖੜ੍ਹੇ ਰਹੇ ਪਰ ਕੋਈ ਲਾਹਾ ਨਾ ਮਿਲਿਆ।

ਇਸੇ ਤਰੀਕੇ ਜਲਾਲਾਬਾਦ ਵਿਚ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ 3.00 ਵਜੇ ਦਾ ਸਮਾਂ ਟਪਾਉਣ ਲਈ ਤੇ ਵਿਰੋਧੀ ਧਿਰ ਦੇ ਉਮੀਦਵਾਰਾਂ ਨੂੰ ਨਾਮਜ਼ਦਗੀ ਭਰਨ ਤੋਂ ਰੋਕਣ ਲਈ ਡੰਮੀ ਉਮੀਦਵਾਰ ਮੈਦਾਨ ਵਿਚ ਖੜ੍ਹੇ ਕੀਤੇ ਗਏ। ਵਫਦ ਨੇ ਇਹ ਵੀ ਦੱਸਿਆ ਕਿ ਕਿਵੇਂ ਵਿਰੋਧੀ ਧਿਰ ਦੇ ਉਮੀਦਵਾਰਾਂ ਨੂੰ ਮਮਦੋਟ ਵਿਚ ਆਪਣੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕਰਨ ਦਿੱਤੇ ਗਏ ਤੇ ਤਲਵੰਡੀ ਭਾਈ ਵਿਚ ਵਿਰੋਧੀ ਧਿਰ ਦੇ ਉਮੀਦਵਾਰਾਂ ’ਤੇ ਪੱਥਰਾਂ ਨਾਲ ਹਮਲਾ ਕੀਤਾ ਗਿਆ ਤੇ ਉਹਨਾਂ ਦੇ ਵਾਹਨ ਭੰਨ ਸੁੱਟੇ ਗਏ।

ਸੂਬਾਈ ਚੋਣ ਕਮਿਸ਼ਨ ਨੂੰ ਮੰਗ ਪੱਤਰ ਸੌਂਪਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਸਾਰੀਆਂ ਘਟਨਾਵਾਂ ਦੀਆਂ ਵੀਡੀਓ ਕਮਿਸ਼ਨ ਨੂੰ ਸੌਂਪੀਆਂ ਗਈਆਂ ਹਨ ਤੇ ਅਕਾਲੀ ਦਲ ਨੇ ਸਿਵਲ ਤੇ ਪੁਲਿਸ ਅਫਸਰਾਂ ਸਮੇਤ ਦੋਸ਼ੀਆਂ ਖਿਲਾਫ ਕੇਸ ਦਰਜ ਕਰਨ ਸਮੇਤ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਵਫਦ ਨੇ ਇਹ ਵੀ ਮੰਗ ਕੀਤੀ ਕਿ ਭਲਕੇ ਨਾਮਜ਼ਦਗੀ ਪੱਤਰਾਂ ਦੀ ਘੋਖ ਵੇਲੇ ਵੀਡੀਓਗ੍ਰਾਫੀ ਕਰਵਾਈ ਜਾਵੇ ਅਤੇ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਉਹ ਰਿਟਰਨਿੰਗ ਅਫਸਰਾਂ ਦੇ ਕੰਮਕਾਜ ਦੀ ਨਿਗਰਾਨੀ ਰੱਖੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਆਪ ਆਗੂਆਂ ਦੇ ਦਬਾਅ ਹੇਠ ਵਿਰੋਧੀ ਧਿਰ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਨਾ ਹੋਣ।

# ਵਿਜੀਲੈਂਸ ਬਿਊਰੋ ਨੇ 5,000 ਰੁਪਏ ਰਿਸ਼ਵਤ ਲੈਂਦੇ ਮਾਲ ਪਟਵਾਰੀ ਨੂੰ ਰੰਗੇ ਹੱਥੀਂ ਕੀਤਾ ਕਾਬੂ



ਚੰਡੀਗੜ੍ਹ (ਲੋਕ ਬਾਣੀ) - ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਜ਼ਿਲ੍ਹਾ ਸੰਗਰੂਰ ਦੇ ਮੂਨਕ ਵਿਖੇ ਤਾਇਨਾਤ ਮਾਲ ਪਟਵਾਰੀ ਅਮਰੀਕ ਸਿੰਘ ਨੂੰ 5000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਪਟਵਾਰੀ ਨੂੰ ਸੰਗਰੂਰ ਜ਼ਿਲ੍ਹੇ ਦੇ ਪਿੰਡ ਬੱਲਰਾਂ ਦੇ ਵਸਨੀਕ ਵਕੀਲ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਕਾਬੂ ਕੀਤਾ ਗਿਆ ਹੈ।

ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਜ਼ਮੀਨ ਦੀ ਇੰਤਕਾਲ ਦੀ ਦਰਖਾਸਤ ਦਿੱਤੀ ਸੀ ਪਰ ਉਕਤ ਪਟਵਾਰੀ ਉਸ ਤੋਂ ਕੰਮ ਕਰਨ ਬਦਲੇ 15000 ਰੁਪਏ ਦੀ ਰਿਸ਼ਵਤ ਮੰਗ ਰਿਹਾ ਸੀ ਅਤੇ ਸੌਦਾ 10000 ਰੁਪਏ ਚ ਤੈਅ ਹੋ ਗਿਆ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਕਥਿਤ ਮੁਲਜ਼ਮ ਪਹਿਲਾਂ ਹੀ 5000 ਰੁਪਏ ਲੈ ਚੁੱਕਾ ਹੈ ਅਤੇ ਰਿਸ਼ਵਤ ਦੇ ਬਾਕੀ ਪੈਸੇ ਮੰਗ ਰਿਹਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ।

# ਮੋਗਾ ਪੁਲਿਸ ਨੇ ਨਸ਼ਾ ਤਸਕਰਾਂ ਤੇ ਕੱਸਿਆ ਸ਼ਿਕੰਜਾ, ਦੋ ਤਸਕਰਾਂ ਦੀ 62.41 ਲੱਖ ਦੀ ਜਾਇਦਾਦ ਕੀਤੀ ਸੀਲ

ਮੋਗਾ (ਲੋਕ ਬਾਣੀ)- ਪੰਜਾਬ ਪੁਲਿਸ ਲਗਾਤਾਰ ਨਸ਼ਾ ਤਸਕਰਾਂ ਤੇ ਸ਼ਿਕੰਜਾ ਕੱਸ ਰਹੀ ਹੈ। ਉਨ੍ਹਾਂ ਦੀਆਂ ਜਾਇਦਾਦਾਂ ਨੂੰ ਸੀਲ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਮੋਗਾ ਵਿੱਚ ਦੋ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਸੀਲ ਕੀਤੀਆਂ ਗਈਆਂ। ਦੋਵੇਂ ਨਸ਼ਾ ਤਸਕਰ ਜੇਲ੍ਹ ਵਿੱਚ ਹਨ। ਡੀਐਸਪੀ ਸਿਟੀ ਰਵਿੰਦਰ ਸਿੰਘ ਨੇ ਦੱਸਿਆ ਕਿ ਸੰਤ ਨਗਰ ਵਾਸੀ ਸੰਦੀਪ ਭੱਟੀ ਅਤੇ ਉਸ ਦੀ ਪਤਨੀ ਖ਼ਿਲਾਫ਼ ਸਾਢੇ ਪੰਜ ਕਿੱਲੋ ਹੈਰੋਇਨ ਦਾ ਕੇਸ ਦਰਜ ਕੀਤਾ ਗਿਆ ਸੀ, ਜਿਸ ਕਾਰਨ ਅੱਜ ਉਨ੍ਹਾਂ ਦੀ 12 ਲੱਖ 41 ਹਜ਼ਾਰ ਰੁਪਏ ਦੀ ਜਾਇਦਾਦ ਸੀਲ ਕਰ ਦਿੱਤੀ ਗਈ। ਉਸ ਦੇ ਘਰ ਦੇ ਬਾਹਰ ਨੋਟਿਸ ਲਗਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਸੰਦੀਪ ਭੱਟੀ ਖ਼ਿਲਾਫ਼ ਪਹਿਲਾਂ ਵੀ ਕੇਸ ਦਰਜ ਹਨ।

ਡੀਐਸਪੀ ਨੇ ਦੱਸਿਆ ਕਿ ਜਸਪ੍ਰੀਤ ਸਿੰਘ ਜੱਸਾ ਖ਼ਿਲਾਫ਼ 2022 ਵਿੱਚ 290 ਗ੍ਰਾਮ ਹੈਰੋਇਨ ਅਤੇ 3 ਲੱਖ ਰੁਪਏ ਦੀ ਡਰੱਗ ਮਨੀ



ਦਾ ਕੇਸ ਦਰਜ ਕੀਤਾ ਗਿਆ ਸੀ। 2024 ਵਿੱਚ ਸਾਢੇ ਪੰਜ ਕਿੱਲੋ ਹੈਰੋਇਨ ਦਾ ਮਾਮਲਾ ਦਰਜ ਹੋਇਆ ਸੀ। ਜਿਸ ਦੀ ਪਿੰਡ ਚੜਿਕ ਵਿੱਚ 50 ਲੱਖ ਰੁਪਏ ਦੀ ਜਾਇਦਾਦ ਸੀਲ ਕੀਤੀ ਗਈ ਸੀ।

# ਧਰਮਕੋਟ ਹਲਕੇ ਦੇ ਪਿੰਡ ਕੋਟ ਸਦਰ ਖਾਂ ਵਿਖੇ ਕਰੰਟ ਲੱਗਣ ਕਾਰਨ ਤਿੰਨ ਵਿਅਕਤੀਆਂ ਦੀ ਹੋਈ ਮੌਤ



ਮੋਗਾ-(ਲੋਕ ਬਾਣੀ) ਮੋਗਾ ਜ਼ਿਲ੍ਹੇ ਦੇ ਹਲਕਾ ਧਰਮਕੋਟ ਦੇ ਪਿੰਡ ਕੋਟ ਸਦਰ ਖਾਂ ਵਿਖੇਂ ਅੱਜ ਨਗਰ ਕੀਰਤਨ ਦੌਰਾਨ ਮੰਦਭਾਗੀ ਘਟਨਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਥੇ ਨਗਰ ਕੀਰਤਨ ਦੌਰਾਨ ਤਿੰਨ ਸ਼ਰਧਾਲੂਆਂ ਦੀ ਕਰੰਟ ਲੱਗਣ ਨਾਲ ਹੋਈ, ਜਦਕਿ ਦਰਜਨ ਦੇ ਕਰੀਬ ਸ਼ਰਧਾਲੂਆਂ ਦੇ ਜ਼ਖਮੀ ਹੋ ਜਾਣ ਬਾਰੇ ਦੱਸਿਆ ਜਾ ਰਿਹਾ ਹੈ। ਇਸ ਬੇਹੱਦ ਦੁਖਾਂਤਕ ਘਟਨਾ ਨਾਲ ਇਲਾਕੇ ਚ ਸੋਗ ਦੀ ਲਹਿਰ ਦੌੜ ਰਹੀ ਹੈ।

# ਮਹਾਰਾਸ਼ਟਰ ਵਿਧਾਨ ਸਭਾ ਦੇ ਡਿਪਟੀ ਸਪੀਕਰ ਨੇ ਮੰਤਰਾਲੇ ਦੀ ਤੀਜੀ ਮੰਜ਼ਿਲ ਤੋਂ ਮਾਰੀ ਛਾਲ, ਨੈੱਟ ਹੋਣ ਕਰਕੇ ਬਚੀ ਜਾਨ



ਮਹਾਰਾਸ਼ਟਰ-(ਲੋਕ ਬਾਣੀ) ਮਹਾਰਾਸ਼ਟਰ ਵਿਧਾਨ ਸਭਾ ਦੇ ਡਿਪਟੀ ਸਪੀਕਰ ਨਰਹਰੀ ਝੀਰਵਾਲ ਨੇ ਸ਼ੁੱਕਰਵਾਰ ਨੂੰ ਮੰਤਰਾਲੇ ਦੀ ਤੀਜੀ ਮੰਜ਼ਿਲ ਤੋਂ ਛਾਲ ਮਾਰ ਦਿੱਤੀ। ਵਿਧਾਇਕ ਹੀਰਾਮਨ ਖੋਸਕਰ ਵੀ ਉਨ੍ਹਾਂ ਨਾਲ ਕੁੱਦ ਪਏ। ਹਾਲਾਂਕਿ ਹੇਠਾਂ ਜਾਲ ਹੋਣ ਕਾਰਨ ਦੋਵਾਂ ਦੀ ਜਾਨ ਬਚ ਗਈ। ਦੋਵੇਂ ਕਬਾਇਲੀ ਵਿਧਾਇਕ ਜਾਲ ਵਿੱਚ ਫਸ ਗਏ। ਪੁਲਸ ਨੇ ਮੌਕੇ ਤੇ ਪਹੁੰਚ ਕੇ ਉਨ੍ਹਾਂ ਨੂੰ ਬਾਹਰ ਕੱਢਿਆ। ਉਚਾਈ ਤੋਂ ਡਿੱਗਣ ਕਾਰਨ ਝੀਰਵਾਲ ਦੀ ਗਰਦਨ ਤੇ ਸੱਟ ਲੱਗ ਗਈ। ਉਨ੍ਹਾਂ ਦਾ ਬਲੱਡ ਪ੍ਰੈਸ਼ਰ ਵੀ ਵਧ ਗਿਆ ਹੈ। ਡਾਕਟਰਾਂ ਦੀ ਟੀਮ ਜਾਂਚ ਕਰਨ ਲਈ ਮੰਤਰਾਲੇ ਪਹੁੰਚੀ।

ਝੀਰਵਾਲ ਉਪ ਮੁੱਖ ਮੰਤਰੀ ਅਜੀਤ ਪਵਾਰ ਦੇ ਐੱਨਸੀਪੀ ਧੜੇ ਤੋਂ ਵਿਧਾਇਕ ਹਨ ਜੋ ਧਨਗਰ ਭਾਈਚਾਰੇ ਨੂੰ ਐੱਸਟੀ ਦਾ ਦਰਜਾ ਦੇਣ ਦੇ ਖਿਲਾਫ ਹਨ। ਦੱਸਿਆ ਜਾ ਰਿਹਾ ਹੈ ਕਿ ਉਹ ਸ਼ਿੰਦੇ ਸਰਕਾਰ ਵੱਲੋਂ ਧਨਗਰ ਭਾਈਚਾਰੇ ਨੂੰ ਐਸਟੀ ਦਾ ਦਰਜਾ ਦੇਣ ਦੇ ਫੈਸਲੇ ਦੇ ਖਿਲਾਫ ਹਨ। ਉਹ ਆਪਣੀ ਹੀ ਸਰਕਾਰ ਦੇ ਫੈਸਲੇ ਦਾ ਵਿਰੋਧ ਕਰ ਰਹੇ ਹਨ।

ਝੀਰਵਾਲ ਅਤੇ ਹੋਰ ਆਦਿਵਾਸੀ ਵਿਧਾਇਕਾਂ ਨੇ ਇਸ ਮਾਮਲੇ ਨੂੰ ਲੈ ਕੇ ਸ਼ੁੱਕਰਵਾਰ 4 ਅਕਤੂਬਰ ਨੂੰ ਮੁੱਖ ਮੰਤਰੀ ਏਕਨਾਥ ਸ਼ਿੰਦੇ ਨਾਲ ਮੁਲਾਕਾਤ ਕੀਤੀ। ਹਾਲਾਂਕਿ ਜਦੋਂ ਗੱਲ ਨਾ ਬਣੀ ਤਾਂ ਉਨ੍ਹਾਂ ਨੇ ਮੰਤਰਾਲੇ ਦੀ ਤੀਜੀ ਮੰਜ਼ਿਲ ਤੋਂ ਛਾਲ ਮਾਰ ਦਿੱਤੀ। ਝੀਰਵਾਲ ਅਤੇ ਖੋਸਕਰ ਨੇ ਆਦਿਵਾਸੀ ਭਾਈਚਾਰੇ ਦੇ ਸਮਰਥਨ ਵਿੱਚ ਨਾਅਰੇਬਾਜ਼ੀ ਵੀ ਕੀਤੀ। ਘਟਨਾ ਤੋਂ ਬਾਅਦ ਮੰਤਰਾਲੇ ਦਾ ਕੰਮ ਠੱਪ ਹੋ ਗਿਆ।

# ਅਗਲੇ ਸਾਲ ਮਾਰਚ ਤੱਕ 90 ਲੱਖ ਮੀਟਰਕ ਟਨ ਭੰਡਾਰਨ ਦੀ ਥਾਂ ਪੈਦਾ ਹੋਵੇਗੀ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, (ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੀ ਖਰੀਦ ਦੇ ਚੱਲ ਰਹੇ ਸੀਜ਼ਨ ਦੇ ਮੱਦੇਨਜ਼ਰ ਭੰਡਾਰਨ ਲਈ ਲੋੜੀਂਦੀ ਥਾਂ ਬਣਾਉਣ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਸੂਬਾ ਸਰਕਾਰ ਵੱਲੋਂ ਕੀਤੇ ਗਏ ਅਣਥੱਕ ਯਤਨਾਂ ਸਦਕਾ ਭਾਰਤੀ ਖੁਰਾਕ ਨਿਗਮ (ਐਫਸੀਆਈ) ਵੱਲੋਂ ਅਕਤੂਬਰ ਦੇ ਅੰਤ ਤੱਕ ਪੰਜਾਬ ਤੋਂ 15 ਲੱਖ ਮੀਟ੍ਰਿਕ ਟਨ ਚੌਲ ਦੀ ਚੁਕਾਈ ਕੀਤੀ ਜਾਵੇਗੀ ਅਤੇ ਇਹ ਕੰਮ 20 ਰੇਲ ਗੱਡੀਆਂ, 3 ਕੰਟੇਨਰਾਂ ਅਤੇ ਕੁਝ ਛੋਟੇ ਟਰੱਕਾਂ ਨੂੰ ਇਸਤੇਮਾਲ ਕਰਦਿਆਂ ਪੂਰਾ ਕੀਤਾ ਜਾਵੇਗਾ। ।



ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ 31 ਦਸੰਬਰ, 2024 ਤੱਕ ਸੂਬੇ ਦੇ ਗੋਦਾਮਾਂ ਤੋਂ ਲਗਭਗ 40 ਲੱਖ ਮੀਟਰਕ ਟਨ ਚੌਲਾਂ ਦੀ ਚੁਕਾਈ ਕੀਤੀ ਜਾਵੇਗੀ ਤਾਂ ਜੋ ਨਵੀਂ ਫਸਲ ਦੇ ਭੰਡਾਰਨ ਲਈ ਲੋੜੀਂਦੀ ਥਾਂ ਮੁਹੱਈਆ ਕਰਵਾਈ ਜਾ ਸਕੇ।

ਮੰਤਰੀ ਨੇ ਦੱਸਿਆ ਕਿ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ (ਪੀਪੀਪੀ) ਮੋਡ ਰਾਹੀਂ ਹੋਰ ਗੋਦਾਮਾਂ ਦਾ ਨਿਰਮਾਣ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਅਗਲੇ ਸਾਲ ਮਾਰਚ ਤੱਕ 90 ਲੱਖ ਮੀਟਰਕ ਟਨ ਭੰਡਾਰਨ ਦੀ ਥਾਂ (ਸਟੋਰੇਜ ਸਪੇਸ) ਪੈਦਾ ਹੋਣ ਦੀ ਸੰਭਾਵਨਾ ਹੈ। ਇਸ ਲਈ ਅਨਾਜ ਨੂੰ ਸਟੋਰ ਕਰਨ ਲਈ ਥਾਂ ਦੀ ਕਿੱਲਤ ਨਹੀਂ ਹੋਵੇਗੀ।

ਉਨ੍ਹਾਂ ਅੱਗੇ ਦੱਸਿਆ ਕਿ ਆੜ੍ਹਤੀਆਂ ਨੇ ਅੱਜ ਤੋਂ ਹੀ ਬਾਸਮਤੀ ਚੌਲਾਂ ਦੀ ਖਰੀਦ ਸ਼ੁਰੂ ਕਰ ਦਿੱਤੀ ਹੈ ਅਤੇ ਸੂਬਾ ਸਰਕਾਰ ਉਨ੍ਹਾਂ ਦੀਆਂ ਮੰਗਾਂ ਅਤੇ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ ਪ੍ਰਤੀ ਪੂਰੀ ਤਰ੍ਹਾਂ ਸੁਹਿਰਦ ਹੈ।

ਧਰਨੇ ਵਜੋਂ ਰੇਲ ਪਟੜੀਆਂ ਰੋਕੀਂ ਬੈਠੇ ਕਿਸਾਨਾਂ ਨੂੰ ਅਜਿਹਾ ਕਰਨ ਤੋਂ ਗੁਰੇਜ਼ ਕਰਨ ਦਾ ਸੱਦਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਸ ਨਾਲ ਗੁਦਾਮਾਂ ਵਿੱਚ ਨਵੀਂ ਫਸਲ ਲਈ ਖਾਲੀ ਥਾਵਾਂ ਯਕੀਨੀ ਬਣਾਉਣ ਵਿੱਚ ਮੁਸ਼ਕਿਲ ਪੇਸ਼ ਆਵੇਗੀ।

# ਪੰਜਾਬ ਦੇ ਸਰਾਫਾ ਬਾਜ਼ਾਰ ਚ ਸੋਨੇ-ਚਾਂਦੀ ਦੀ ਕੀਮਤ ਚ ਵਾਧਾ, ਜਾਣੋ ਤੁਹਾਡੇ ਸ਼ਹਿਰ ਦੀ ਅੱਜ ਦੀ ਕੀਮਤ



ਚੰਡੀਗੜ੍ਹ (ਲੋਕ ਬਾਣੀ) ਨਵਰਾਤਰੀ ਦੇ ਦੂਜੇ ਦਿਨ ਵੀ ਸੋਨੇ-ਚਾਂਦੀ ਦੀਆਂ ਕੀਮਤਾਂ ਚ ਤੇਜ਼ੀ ਆਈ ਹੈ। ਤਾਜ਼ਾ ਜਾਣਕਾਰੀ ਮੁਤਾਬਕ ਅੱਜ ਸੋਨੇ ਦੀਆਂ ਕੀਮਤਾਂ ਚ 200 ਰੁਪਏ ਦਾ ਉਛਾਲ ਆਇਆ ਹੈ।

ਸੂਬੇ ਵਿੱਚ ਅੱਜ 24 ਕੈਰੇਟ ਸੋਨੇ ਦੀ ਕੀਮਤ 78,100 ਰੁਪਏ ਹੈ ਜਦਕਿ ਚਾਂਦੀ ਦੀ ਕੀਮਤ 94,900 ਰੁਪਏ ਪ੍ਰਤੀ ਕਿਲੋਗ੍ਰਾਮ ਹੈ। ਤੁਹਾਨੂੰ ਦੱਸ ਦੇਈਏ ਕਿ 3 ਅਕਤੂਬਰ ਨੂੰ 24 ਕੈਰੇਟ ਸੋਨਾ 77,900 ਰੁਪਏ ਜਦਕਿ ਚਾਂਦੀ 93,500 ਰੁਪਏ ਸੀ। ਯਾਨੀ ਕਿ ਸੋਨੇ ਚ ਰੁਪਏ ਦਾ ਵਾਧਾ ਹੋਇਆ ਹੈ।

ਕੌਮਾਂਤਰੀ ਬਾਜ਼ਾਰ ਚ ਸੋਨੇ ਦੀਆਂ ਵਧਦੀਆਂ ਕੀਮਤਾਂ ਅਤੇ ਘਰੇਲੂ ਬਾਜ਼ਾਰ ਚ ਤਿਓਹਾਰੀ ਸੀਜ਼ਨ ਕਾਰਨ ਸੋਨਾ ਹੋਰ ਮਹਿੰਗਾ ਹੋ ਗਿਆ ਹੈ। ਦਿੱਲੀ, ਨੋਇਡਾ, ਗਾਜ਼ੀਆਬਾਦ, ਲਖਨਊ, ਜੈਪੁਰ, ਮੁੰਬਈ ਅਤੇ ਕੋਲਕਾਤਾ ਵਰਗੀਆਂ ਥਾਵਾਂ ਤੇ ਸੋਨੇ ਦੀਆਂ ਕੀਮਤਾਂ ਚ ਲਗਾਤਾਰ ਵਾਧਾ ਜਾਰੀ ਹੈ।

# ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੀ ਤਸਕਰੀ ਲਈ ਜੈਕਟਾਂ ਦੀ ਵਰਤੋਂ ਕਰਨ ਵਾਲੇ ਅੰਤਰਰਾਸ਼ਟਰੀ ਡਰੱਗ ਸਿੰਡੀਕੇਟ ਦਾ ਪਰਦਾਫਾਸ਼; 1.5 ਕਿਲੋ ਹੈਰੋਇਨ ਸਮੇਤ ਦੋ ਮੁਲਜ਼ਮ ਕਾਬੂ

ਚੰਡੀਗੜ੍ਹ/ਐਸਏਐਸ ਨਗਰ, (ਲੋਕ ਬਾਣੀ) ਰ: ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਐਸ.ਏ.ਐਸ. ਨਗਰ ਪੁਲਿਸ ਨੇ ਅੰਤਰਰਾਸ਼ਟਰੀ ਨਸ਼ਾ ਤਸਕਰੀ ਸਿੰਡੀਕੇਟ, ਜੋ ਸੂਬੇ ਵਿੱਚ ਹੈਰੋਇਨ ਦੀ ਤਸਕਰੀ ਲਈ ਜੈਕਟਾਂ ਦੀ ਵਰਤੋਂ ਕਰਦਾ ਸੀ, ਦਾ ਪਰਦਾਫਾਸ਼ ਕਰਦਿਆਂ ਇਸਦੇ ਦੋ ਕਾਰਕੁਨਾਂ ਨੂੰ 500-500 ਗ੍ਰਾਮ ਹੈਰੋਇਨ ਨਾਲ ਭਰੀਆਂ ਤਿੰਨ ਹਾਫ ਸਲੀਵ ਜੈਕਟਾਂ ਸਮੇਤ ਗ੍ਰਿਫਤਾਰ ਕੀਤਾ ਹੈ।



ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਫਰੀਦਕੋਟ ਦੇ ਭਾਨਾ ਦੇ ਰਹਿਣ ਵਾਲੇ ਸੁਖਦੀਪ ਸਿੰਘ ਉਰਫ ਰਾਜਾ ਅਤੇ ਰੋਹਤਕ ਦੇ ਅਜੈਬ ਦੇ ਰਹਿਣ ਵਾਲੇ ਕ੍ਰਿਸ਼ਨ ਵਜੋਂ ਹੋਈ ਹੈ।

ਉਹਨਾਂ ਦੱਸਿਆ ਕਿ ਮੁਲਜ਼ਮਾਂ ਕੋਲੋਂ 1.5 ਕਿਲੋਗ੍ਰਾਮ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਚਿੱਟੇ ਰੰਗ ਦੀ ਹੁੰਡਈ ਔਰਾ (ਐਚਆਰ 12 ਏਟੀ 7091) ਕਾਰ ਨੂੰ ਵੀ ਜ਼ਬਤ ਕੀਤਾ ਹੈ, ਜਿਸ ਨੂੰ ਉਹ ਟੈਕਸੀ ਵਜੋਂ ਵਰਤਦਿਆਂ ਉਸ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਨਸ਼ੀਲੇ ਪਦਾਰਥਾਂ ਦੀ ਇਹ ਖੇਪ ਦਿੱਲੀ ਸਥਿਤ ਅਫਗਾਨ ਨਾਗਰਿਕ ਤੋਂ ਖਰੀਦੀ ਗਈ ਸੀ, ਜਿਸ ਨਾਲ ਇਸ ਨੈੱਟਵਰਕ ਦੇ ਅੰਤਰਰਾਸ਼ਟਰੀ ਡਰੱਗ ਕਾਰਟਿਲ ਨਾਲ ਸਬੰਧਾਂ ਦਾ ਪਰਦਾਫਾਸ਼ ਹੋਣ ਦੇ ਨਾਲ-ਨਾਲ ਇਹ ਸਾਹਮਣੇ ਆਇਆ ਹੈ ਕਿ ਉਹ ਗ੍ਰਿਫਤਾਰੀ ਤੋਂ ਬਚਣ ਲਈ ਜੈਕਟਾਂ ਵਿੱਚ ਹੈਰੋਇਨ ਲੁਕਾ ਕੇ ਇਸ ਦੀ ਤਸਕਰੀ ਕਰਦੇ ਸਨ।

ਉਨ੍ਹਾਂ ਦੱਸਿਆ ਕਿ ਮੁਢਲੀ ਪੁੱਛਗਿੱਛ ਦੌਰਾਨ ਕਾਬੂ ਕੀਤੇ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਪਿਛਲੇ ਦੋ ਮਹੀਨਿਆਂ ਦੌਰਾਨ ਕੋਟਕਪੂਰਾ ਦੇ ਨਸ਼ਾ ਤਸਕਰ ਲਖਵਿੰਦਰ ਸਿੰਘ ਨਾਲ ਮਿਲੀਭੁਗਤ ਕਰਕੇ ਹੈਰੋਇਨ ਦੀਆਂ ਚਾਰ ਖੇਪਾਂ ਦੀ ਤਸਕਰੀ ਕੀਤੀ ਸੀ ਅਤੇ ਹਾਲ ਹੀ ਵਿੱਚ ਸਤੰਬਰ ਦੇ ਅੱਧ ਵਿੱਚ 10 ਕਿਲੋ ਹੈਰੋਇਨ ਖਰੀਦੀ ਸੀ, ਜੋ ਮੋਗਾ 'ਚ ਸਪਲਾਈ ਕੀਤੀ ਗਈ ਸੀ। ਐਨਡੀਪੀਐਸ ਐਕਟ ਦੇ ਘੱਟੋ-ਘੱਟ 10 ਕੇਸਾਂ ਦਾ ਸਾਹਮਣਾ ਕਰ ਰਿਹਾ ਮੁਲਜ਼ਮ ਲਖਵਿੰਦਰ ਸਿੰਘ ਇਸ ਮਾਡਿਊਲ ਦਾ ਮੁੱਖ ਸਰਗਨਾ ਦੱਸਿਆ ਜਾ ਰਿਹਾ ਹੈ, ਜੋ ਨਸ਼ੇ ਦੇ ਪੂਰੇ ਨੈੱਟਵਰਕ ਨੂੰ ਚਲਾ ਰਿਹਾ ਸੀ।

ਡੀਜੀਪੀ ਨੇ ਦੱਸਿਆ ਕਿ ਪੁਲਿਸ ਟੀਮਾਂ ਫਰਾਰ ਲਖਵਿੰਦਰ ਸਿੰਘ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਇਸ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਡੀਆਈਜੀ ਰੋਪੜ ਰੇਂਜ ਨੀਲਾਂਬਰੀ ਜਗਦਲੇ ਨੇ ਦੱਸਿਆ ਕਿ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਹੈਰੋਇਨ ਸਮੇਤ ਡਰੱਗ ਸਿੰਡੀਕੇਟ ਦੇ ਦੋ ਮੈਂਬਰ ਚਿੱਟੇ ਰੰਗ ਦੀ ਹੁੰਡਈ ਔਰਾ ਵਿੱਚ ਦਿੱਲੀ ਤੋਂ ਮੁਹਾਲੀ ਵੱਲ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਡੀਐਸਪੀ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਿੱਚ ਪੁਲਿਸ ਟੀਮਾਂ ਨੇ ਲਾਲੜੂ ਦੇ ਦੱਪਰ ਟੋਲ ਪਲਾਜ਼ਾ ਨੇੜੇ ਇੱਕ ਵਿਸ਼ੇਸ਼ ਨਾਕਾ ਲਗਾਇਆ ਅਤੇ ਵਾਹਨ ਨੂੰ ਸਫਲਤਾਪੂਰਵਕ ਘੇਰਾ ਪਾ ਕੇ ਮੁਲਜ਼ਮਾਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫਤਾਰ ਕਰ ਲਿਆ

ਐਸ.ਐਸ.ਪੀ ਦੀਪਕ ਪਾਰੀਕ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅੱਗੇ ਦੱਸਿਆ ਕਿ ਗ੍ਰਿਫਤਾਰ ਮੁਲਜ਼ਮ ਸੁਖਦੀਪ ਦਾ ਪੁਰਾਣਾ ਅਪਰਾਧਿਕ ਰਿਕਾਰਡ ਵੀ ਹੈ ਜਿਸ ਖਿਲਾਫ 2020 ਵਿੱਚ ਅਗਵਾ ਦਾ ਕੇਸ ਦਰਜ ਹੋਇਆ ਸੀ। ਉਹਨਾਂ ਦੱਸਿਆ ਕਿ ਮਈ 2024 ਵਿੱਚ ਫਰੀਦਕੋਟ ਜੇਲ ਤੋਂ ਜ਼ਮਾਨਤ 'ਤੇ ਬਾਹਰ ਆਉਣ ਤੋਂ ਬਾਅਦ ਉਹ ਜੁਲਾਈ 2024 ਵਿੱਚ ਹੈਰੋਇਨ ਦੀ ਤਸਕਰੀ ਦੇ ਇਸ ਨੈੱਟਵਰਕ ਵਿੱਚ ਸ਼ਾਮਲ ਹੋਇਆ ਸੀ।

ਐਸਐਸਪੀ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਨੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਸੋਹਾਣਾ, ਐਸ.ਏ.ਐਸ.ਨਗਰ ਵਿੱਚ ਕਿਰਾਏ 'ਤੇ ਰਿਹਾਇਸ਼ ਵੀ ਲਈ ਹੋਈ ਸੀ।

ਇਸ ਸਬੰਧ ਵਿੱਚ ਐਸ.ਏ.ਐਸ.ਨਗਰ ਦੇ ਥਾਣਾ ਲਾਲੜੂ ਵਿਖੇ ਐਨ.ਡੀ.ਪੀ.ਐਸ ਐਕਟ ਦੀਆਂ ਧਾਰਾਵਾਂ 21 ਅਤੇ 29 ਤਹਿਤ ਐਫ.ਆਈ.ਆਰ ਨੰਬਰ 141 ਮਿਤੀ 03/10/2024 ਦਰਜ ਕੀਤੀ ਗਈ ਹੈ।

# ਰਾਮਗੜ੍ਹੀਆ ਕਾਲਜ ਆਫ਼ ਐਜੂਕੇਸ਼ਨ, ਫਗਵਾੜਾ ਵਿਖੇ ਫਰੈਸ਼ਰ ਪਾਰਟੀ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਕਾਲਜ ਆਫ਼ ਐਜੂਕੇਸ਼ਨ, ਫਗਵਾੜਾ ਵੱਲੋਂ ਬੀ.ਐੱਡ ਦੇ ਨਵੇਂ ਬੈਚ ਦੇ ਸਵਾਗਤ ਲਈ ਕਾਲਜ ਵਿੱਚ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀ ਅਤੇ ਉਹਨਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦੇ ਹਨ। ਸ਼ਾਨਦਾਰ ਸੁਆਗਤ ਪਾਰਟੀ ਨੇ ਨਵੇਂ ਵਿਦਿਆਰਥੀਆਂ ਨੂੰ ਪਰਿਵਾਰ ਦਾ ਹਿੱਸਾ ਮਹਿਸੂਸ ਕਰਨ ਅਤੇ ਉਨ੍ਹਾਂ ਨੂੰ ਅੱਗੇ ਆਉਣ ਵਾਲੀਆਂ ਨਵੀਆਂ ਚੁਣੌਤੀਆਂ ਲਈ ਤਿਆਰ ਕਰਨ ਦਾ ਉਦੇਸ਼ ਪੂਰਾ ਕੀਤਾ। ਇਸ ਮੌਕੇ ਮੁੱਖ ਮਹਿਮਾਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੀ ਚੇਅਰਪਰਸਨ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ ਸਨ। ਵਿਸ਼ੇਸ਼ ਮਹਿਮਾਨ ਡਾ: ਵਿਓਮਾ ਭੋਗਲ ਢੱਟ, ਡਾਇਰੈਕਟਰ, ਰਾਮਗੜ੍ਹੀਆ ਵਿੱਦਿਅਕ ਸੰਸਥਾਵਾਂ; ਅਤੇ ਸ਼੍ਰੀਮਤੀ ਰਵਨੀਤ ਭੋਗਲ ਕਾਲੜਾ, ਵਧੀਕ ਡਾਇਰੈਕਟਰ, ਰਾਮਗੜ੍ਹੀਆ ਵਿਦਿਅਕ ਸੰਸਥਾਵਾਂ ਧੜਕਦੇ ਮਾਹੌਲ, ਫਲੈਸ਼ਿੰਗ ਲਾਈਟਾਂ ਅਤੇ ਸੰਗੀਤ ਦੇ ਨਾਲ, ਪਾਰਟੀ ਨੂੰ ਏ ਜਦੋਂ ਪ੍ਰਤਿਭਾ ਦਾ ਦੌਰ ਸ਼ੁਰੂ ਹੋਇਆ ਤਾਂ ਖੁਸ਼ੀ ਉੱਚੀ. ਵਿਦਿਆਰਥੀਆਂ ਨੇ ਵੱਖ-ਵੱਖ ਆਈਟਮਾਂ ਵਿੱਚ ਪ੍ਰਦਰਸ਼ਨ ਕੀਤਾ ਸੱਭਿਆਚਾਰਕ ਨਾਚ, ਗੀਤ, ਕਵਿਤਾ ਅਤੇ ਭਾਸ਼ਣ। ਸਾਰੀਆਂ ਵਸਤੂਆਂ ਬਹੁਤ ਮਜ਼ੇਦਾਰ ਸਨ

ਅਤੇ ਮੁੜ ਸੁਰਜੀਤ ਕਰਨਾ. ਵਿਚ ਮਿਸਟਰ ਅਤੇ ਮਿਸ ਫਰੈਸ਼ਰ ਮੁਕਾਬਲਾ ਦਿਨ ਦੀ ਖਾਸੀਅਤ ਸੀ ਜਿਸ ਵਿੱਚ ਪੰਜਾਹ ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਫਰੈਸ਼ਰਾਂ ਨੇ ਰੈਂਪ ਨੂੰ ਅੱਗ ਲਗਾ ਦਿੱਤੀ ਇਸ ਤੋਂ ਇਲਾਵਾ ਸਮਾਜਿਕ ਮਸਲਿਆਂ ਸਬੰਧੀ ਸਵਾਲ-ਜਵਾਬ ਸੈਸ਼ਨ ਨੇ ਦਿਮਾਗਾਂ ਦੀ ਝੜੀ ਲਗਾ ਦਿੱਤੀ ਟੈਸਟ ਕਰਨ ਲਈ ਭਾਗੀਦਾਰਾਂ ਦੀ. ਜੱਜਮੈਂਟ ਦੀ ਡਿਊਟੀ ਸਹਾਇਕ ਵੱਲੋਂ ਨਿਭਾਈ ਗਈ ਪ੍ਰੋਫੈਸਰ ਸ਼੍ਰੀ ਮੁਕੇਸ਼ ਸ਼ਰਮਾ ਅਤੇ ਸ਼੍ਰੀਮਤੀ ਜਸਵਿੰਦਰ ਕੌਰ। ਮੁਕਾਬਲੇ ਦੇ ਜੇਤੂ, ਚੀਫ ਫਰੈਸ਼ਰ ਕਰਨ ਕੁਮਾਰ ਅਤੇ ਮਿਸ ਫਰੈਸ਼ਰ ਰੁਚੀ ਨੂੰ ਸਨਮਾਨਿਤ ਕੀਤਾ ਗਿਆ

ਸ਼੍ਰੀਮਤੀ ਮਨਮੋਹਕ, ਸੁੰਦਰ ਮੁਸਕਾਨ, ਵਧੀਆ ਪਹਿਰਾਵਾ ਅਤੇ ਸਵੈ

ਸਿਮਰਨ ਰਾਏ, ਕ੍ਰਿਤਿਕਾ, ਹਰਲੀਨ ਕੌਰ, ਰਿਬਕਾ ਅਤੇ ਨੂੰ ਆਤਮਵਿਸ਼ਵਾਸ ਪੁਰਸਕਾਰ ਦਿੱਤੇ ਗਏ ਸਨਮਦੀਪ ਸਿੰਘ ਕ੍ਰਮਵਾਰ। ਮੰਚ ਸੰਚਾਲਨ ਕੋਮਲ, ਹਰਮਨ ਨੇ ਕੀਤਾ ਗੁਰਸਿਮਰਨ ਕੌਰ ਅਤੇ ਪੰਨਾ। ਅੰਤ ਵਿੱਚ, ਡਾਂਸ ਫਲੋਰ ਨੂੰ ਕੁਝ ਲਈ ਖੁੱਲ੍ਹਾ ਛੱਡ ਦਿੱਤਾ ਗਿਆ ਸੀ

ਬੇਲਗਾਮ ਊਰਜਾ.ਪ੍ਰਿੰਸੀਪਲ ਡਾ.ਸੁਰਿੰਦਰ ਜੀਤ ਕੌਰ ਨੇ ਮੁੱਖ ਮਹਿਮਾਨ ਅਤੇ ਨਵੇਂ ਆਏ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਨਵੇਂ ਦਾਖਲਾ ਲੈਣ ਵਾਲਿਆਂ ਨੂੰ ਭਰੋਸਾ ਦਿਵਾਇਆ ਕਿ ਵਿਦਿਆਰਥੀਆਂ ਦੀ ਸਰਬਪੱਖੀ ਸਦਭਾਵਨਾ ਭਰਪੂਰ ਸ਼ਖਸੀਅਤ ਦੇ ਵਿਕਾਸ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਭਵਿੱਖ ਵਿੱਚ ਅਧਿਆਪਨ ਕਿੱਤੇ ਵਿੱਚ ਨਵੀਆਂ ਉਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ, ਉਸਨੇ ਆਪਣੇ ਜੂਨੀਅਰਾਂ ਲਈ ਅਜਿਹੀ ਖੁਸ਼ੀ ਭਰੀ ਪਾਰਟੀ ਦਾ ਆਯੋਜਨ ਕਰਨ ਲਈ ਸੀਨੀਅਰ ਬੈਚ ਦੇ ਵਿਦਿਆਰਥੀਆਂ ਦੀ ਪਿੱਠ ਥਪਥਪਾਈ ਕੀਤੀ ਚੇਅਰਪਰਸਨ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ ਨੇ ਪ੍ਰਿੰਸੀਪਲ ਡਾ: ਸੁਰਿੰਦਰ ਜੀਤ ਕੌਰ ਨੂੰ ਵਧਾਈ ਦਿੱਤੀ ਐਜੂਕੇਸ਼ਨਲ ਫੋਰਮ ਦੇ ਮੈਂਬਰ: ਡਾ. ਨੀਰੂ ਸ਼ਰਮਾ, ਡਾ. ਯੋਗੇਸ਼ ਸ਼ਰਮਾ ਅਤੇ ਡਾ. ਮੋਨਾ ਵਿਜ; ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਨਵੇਂ ਦਾਖ਼ਲਿਆਂ ਲਈ ਅਜਿਹੇ ਨਿੱਘੇ ਦਿਲ ਵਾਲੇ ਸਮਾਗਮ ਦਾ ਆਯੋਜਨ ਕਰਨ ਲਈ ਧੰਨਵਾਦ। ਇਸ ਤਰ੍ਹਾਂ ਦੀਆਂ ਘਟਨਾਵਾਂ ਨਵੇਂ ਆਏ ਲੋਕਾਂ ਨੂੰ ਆਰਾਮਦਾਇਕ ਬਣਾਉਂਦੀਆਂ ਹਨ ਅਤੇ ਉਹਨਾਂ ਨੂੰ ਨਵੇਂ ਮਾਹੌਲ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਢਾਲਣ ਵਿਚ ਮਦਦ ਕਰਦੀਆਂ ਹਨ

ਰੋਜ਼ਾਨਾ ਲੋਕ ਬਾਣੀ www.lokbani

# ਝੰਡਾ ਚੜ੍ਹਾ ਕੇ ਦਲਿਤ ਮੁਕਤੀ ਮੋਰਚੇ ਦੀ ਕਰਾਂਗੇ ਸਮਾਪਤੀ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ ) ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਚੱਲੇ ਦਲਿਤ ਮੁਕਤੀ ਮਾਰਚ ਦੀ 47ਵੇਂ ਦਿਨ ਸੇਖਾ(ਬਰਨਾਲਾ) ਵਿੱਚ ਸਮਾਪਤੀ ਹੋਈ।

ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਅਤੇ ਵਿੱਤ ਸਕੱਤਰ ਬਿੱਕਰ ਹਥੋਆ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਨੇ ਜ਼ਮੀਨੀ ਘੋਲ ਪਿੰਡ ਸੇਖਾ (ਬਰਨਾਲਾ) ਤੋਂ ਸ਼ੁਰੂ 2014ਵਿੱਚ ਸ਼ੁਰੂ ਕੀਤਾ ਅਤੇ ਇਹਨਾਂ 10 ਸਾਲਾਂ ਵਿੱਚ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਪੰਚਾਇਤੀ ਜ਼ਮੀਨ ਵਿਚੋਂ ਤੀਜਾ ਦੀ ਹਿੱਸਾ ਲਗਭਗ ਦਰਜਨਾ ਪਿੰਡਾਂ ਵਿੱਚ ਘੱਟ ਰੇਟ ਤੇ ਦਵਾਇਆ, ਨਜੂਲ ਜ਼ਮੀਨਾ ਦੇ ਮਾਲਕੀ ਹੱਕ ਲਈ 3ਵਾਰ ਨੋਟੀਫਿਕੇਸ਼ਨ ਕਰਵਾਏ ਅਤੇ ਜ਼ਮੀਨ ਤੇ ਘੜੰਮ ਚੌਧਰੀਆਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਛੁਡਵਾਉਏ, ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਦੀਆਂ ਰਜਿਸਟਰੀਆਂ ਸੰਬੰਧੀ ਸਕੀਮ ਨੂੰ ਪੰਜਾਬ ਅੰਦਰ ਲਾਗੂ ਕਰਵਾਇਆ, ਲੋੜਵੰਦ ਪਰਿਵਾਰਾਂ ਨੂੰ 5-5 ਮਰਲੇ ਪਲਾਟ ਅਲਾਟ ਕਰਵਾਏ ਕਈ ਪਰਿਵਾਰਾਂ ਨੂੰ ਬਰਸਾਤਾਂ ਕਾਰਨ ਡਿੱਗੀਆਂ ਛੱਤਾਂ ਦੇ ਮੁਆਵਜੇ ਦਵਾਏ, ਬਹੁਤ ਸਾਰੇ ਪਿੰਡਾਂ ਦੇ ਲੋਕਾਂ ਨੂੰ ਕੋਆਪਰੇਟਿਵ ਸੁਸਾਇਟੀਆ ਵਿਚ ਮੈਂਬਰ ਬਣਵਾਇਆ। ਪਿਛਲਾ ਕਰਜ਼ਾ ਮਾਫ ਕਰਵਾਇਆ।ਪਿੰਡਾਂ ਵਿੱਚ ਮਨਰੇਗਾ ਦਾ ਸਹੀ ਢੰਗ ਨਾਲ ਕੰਮ ਚਲਵਾਇਆ ਅਤੇ ਦਿਹਾੜੀ ਦੇ ਵਿੱਚ ਵਾਧਾ ਕਰਵਾਇਆ, ਉਚ ਜਾਤੀ ਦੇ ਹੰਕਾਰੀਆਂ ਵੱਲੋਂ ਦਲਿਤਾਂ ਤੇ ਕੀਤੇ ਜਾ ਰਹੇ ਜਬਰ ਨੂੰ ਕਈਆਂ ਥਾਵਾਂ ਤੇ ਨੱਥ ਪਾਈ,ਇਸ ਤੋਂ ਇਲਾਵਾ ਦਲਿਤਾਂ ਨੂੰ ਉਨ੍ਹਾਂ ਦੇ ਹਿੱਸੇ ਦੀ ਪੰਚਾਇਤੀ ਜ਼ਮੀਨ ਦਵਾਉਣ ਨਾਲ ਉਨ੍ਹਾਂ ਦੇ ਘਰਾਂ ਵਿੱਚ ਦੁਧਾਰੂ ਪਸ਼ੂਆਂ ਵਿਚ ਵਾਧਾ ਹੋਇਆ ਇਹ ਸਭ ਕੁਝ ਮਿਲਣ ਨਾਲ ਦਲਿਤ ਮਜ਼ਦੂਰਾਂ ਦੇ ਮਾਣ ਸਨਮਾਨ ਵਿੱਚ ਵਾਧਾ ਹੋਇਆ।

ਉਪਰੋਕਤ ਤੋਂ ਇਲਾਵਾ ਮੀਤ ਪ੍ਰਧਾਨ ਧਰਮਵੀਰ ਹਰੀਗੜ ਅਤੇ ਜਗਤਾਰ ਸਿੰਘ ਤੋਲੇਵਾਲ ਨੇ ਕਿਹਾ ਕਿ ਮਾਰਚ ਦੌਰਾਨ ਲੋਕਾਂ ਦਾ ਉਤਸ਼ਾਹ ਵਧਦਾ ਨਜ਼ਰ ਆਇਆ ਜਿਸ ਤੇ ਲੋਕਾ ਦਾ ਇਕੱਠ ਕਰਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਸੇਖਾ (ਬਰਨਾਲਾ) ਵਿੱਚ ਝੰਡਾ ਚਾੜ੍ਹੇ ਦਲਿਤ ਮੁਕਤੀ ਮਾਰਚ ਦੀ ਕਰੇਗੀ ਸਮਾਪਤੀ।

ਇਸ ਤੋਂ ਇਲਾਵਾ ਵੀਰਪਾਲ ਦੁੱਲੜ, ਜਸਵਿੰਦਰ ਸਿੰਘ ਹੇੜੀਕੇ, ਰਮਨਦੀਪ ਸਿੰਘ ਤੋਲੇਵਾਲ ਅਤੇ ਹੋਰ ਵਿਅਕਤੀ ਸ਼ਾਮਲ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਗੁ:ਪਾਉਂਟਾ ਸਾਹਿਬ ਵਿਖੇ ਹੋਏ ਨਤਮਸਤਕ



ਸ਼੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਸ਼੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਪੰਜਾਬ ਸ੍ਰ:ਹਰਜੋਤ ਸਿੰਘ ਬੈਂਸ ਗੁ:ਪਾਉਂਟਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਜਿੱਥੇ ਉਨਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅੱਜ ਉਨਾਂ ਨੂੰ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁ:ਪਾਉਂਟਾ ਸਾਹਿਬ ਵਿਖੇ ਨਤਮਸਤਕ ਹੋਣ ਦਾ ਸੁਭਾਗਾ ਸਮਾਂ ਪ੍ਰਾਪਤ ਹੋਇਆ ਤੇ ਐਥੇ ਆ ਕੇ ਉਨਾਂ ਨੂੰ ਬਹੁਤ ਅਨੰਦ ਪ੍ਰਾਪਤ ਹੋਇਆ।ਉਨਾਂ ਕਿਹਾ ਕਿ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਪਾਰ ਕ੍ਰਿਪਾ ਸਦਕਾ ਉਨਾਂ ਨੂੰ ਖਾਲਸੇ ਪੰਥ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਦੀ ਮਹਾਨ ਪਵਿੱਤਰ ਨਗਰੀ ਦੀ ਸੇਵਾ ਕਰਨ ਦਾ ਮੌਕੇ ਮਿਲਿਆ ਹੈ ਤੇ ਉਹ ਉਸ ਸੇਵਾ ਨੂੰ ਬਾਖੂਬੀ ਨਿਭਾ ਰਿਹਾ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਸਰਬ ਨੌਜਵਾਨ ਸਭਾ ਵਲੋਂ ਐਤਵਾਰ ਨੂੰ ਹੋਣ ਵਾਲੇ ਧੀਆਂ ਦੇ ਸਮੂਹਿਕ ਵਿਆਹ ਸਮਾਗਮ ਦੀਆਂ ਤਿਆਰੀਆਂ ਮੁਕੰਮਲ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ ਚੜ੍ਹਦੀ ਕਲਾ ਸਿੱਖ ਆਰਗਨਾਈਜੇਸ਼ਨ (ਯੂ.ਕੇ.) ਦੇ ਸਹਿਯੋਗ ਨਾਲ 6 ਅਕਤੂਬਰ ਦਿਨ ਐਤਵਾਰ ਨੂੰ ਕਰਵਾਏ ਜਾ ਰਹੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਵਿਆਹ ਸਮਾਗਮ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਲਈ ਇਕ ਮੀਟਿੰਗ ਸਭਾ ਦੇ ਮੁੱਖ ਸਰਪ੍ਰਸਤ ਸਤਪਾਲ ਲਾਂਬਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਪ੍ਰਸਤ ਸੁਰਿੰਦਰ ਸਿੰਘ ਸੋਢੀ ਹਾਕੀ ਓਲੰਪੀਅਨ ਦੀ ਅਗਵਾਈ ਹੇਠ ਖਾਲਸਾ ਸੀਨੀਅਰ ਸੈਕੇਂਡਰੀ ਸਕੂਲ ਮਾਡਲ ਟਾਊਨ ਵਿਖੇ ਹੋਈ। ਜਿਸ ਵਿਚ ਸਭਾ ਦੇ ਸਲਾਹਕਾਰ ਕਮੇਟੀ ਮੈਂਬਰ ਸ਼ਹਿਰ ਦੇ ਪਤਵੰਤੇ ਉਚੇਰੇ ਤੌਰ ਤੇ ਸ਼ਾਮਲ ਹੋਏ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਵਿਆਹ ਸਮਾਗਮ ਦੀਆਂ ਤਿਆਰੀਆਂ ਮੁਕੱਮਲ ਕਰ ਲਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਸਮੂਹਿਕ ਵਿਆਹ ਸਮਾਗਮ 6 ਅਕਤੂਬਰ ਦਿਨ ਐਤਵਾਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਸਵੇਰੇ 9 ਵਜੇ ਤੋਂ ਸ਼ੁਰੂ ਹੋਵੇਗਾ। ਜਿਸ ਤੋਂ ਬਾਅਦ 13 ਅਕਤੂਬਰ ਦਿਨ ਐਤਵਾਰ ਨੂੰ ਹਮੇਸ਼ਾ ਦੀ ਤਰ੍ਹਾਂ ਮਹਾਂਮਾਈ ਦੇ ਸ਼ੁਕਰਾਨੇ ਵਜੋਂ ਸ਼ਾਮ ਨੂੰ ਮਾਂ ਭਗਵਤੀ ਦੀ ਚੌਂਕੀ ਖੇੜਾ ਰੋਡ ਫਗਵਾੜਾ ਵਿਖੇ ਕਰਵਾਈ ਜਾਵੇਗੀ। ਉਹਨਾਂ ਦੱਸਿਆ ਕਿ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਜੱਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਪੰਜਾਬ ਭਰ ਤੋਂ ਪ੍ਰਮੁੱਖ ਸ਼ਖਸੀਅਤਾਂ ਸਮਾਗਮ ਵਿਚ ਸ਼ਾਮਲ ਹੋ ਕੇ ਨਵੇ ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੀਆਂ। ਇਸ ਮੌਕੇ ਸਭਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵਿੱਚ ਜਤਿੰਦਰ ਸਿੰਘ ਕੁੰਦੀ, ਗੁਰਮੀਤ ਪਲਾਹੀ, ਸਤਨਾਮ ਸਿੰਘ ਰਾਣਾ, ਅਵਤਾਰ ਸਿੰਘ ਮੰਡ, ਸੰਤੋਸ਼ ਕੁਮਾਰ ਗੋਗੀ, ਲੈਕਚਰਾਰ ਹਰਜਿੰਦਰ ਗੋਗਨਾ, ਡਾ: ਵਿਜੇ ਕੁਮਾਰ, ਮਨਦੀਪ ਬਾਸੀ, ਨਰਿੰਦਰ ਸਿੰਘ ਸੈਣੀ, ਜਗਜੀਤ ਸਿੰਘ ਸੇਠ, ਗੁਰਸ਼ਰਨ ਬਸੀ, ਰਾਕੇਸ਼ ਕੋਛੜ, ਜਸਪਾਲ ਸਿੰਘ ਚੀਮਾ, ਰਵਿੰਦਰ ਸਿੰਘ ਰਾਏ, ਅਸ਼ੋਕ ਸ਼ਰਮਾ, ਮਨਵੀਰ ਸਿੰਘ ਸ਼ੀਰਾ, ਭੁਪਿੰਦਰ ਕੁਮਾਰ ਪੀ.ਟੀ. ਮਾਸਟਰ, ਸਤਨਾਮ ਸਿੰਘ ਰਾਣਾ, ਅਮਿਤ ਸਹਿਦੇਵ, ਜੀਤ ਰਾਮ, ਸੌਰਵ ਰਾਹੀ, ਰਮਨ ਨਹਿਰਾ, ਸਾਹਿਬਜੀਤ ਸਾਬੀ, ਅਨੂਪ ਦੁੱਗਲ, ਗੁਰਦੀਪ ਸਿੰਘ ਤੁਲੀ, ਜਸ਼ਨ ਮਹਿਰਾ, ਆਰ.ਪੀ. ਸ਼ਰਮਾ ਤੋਂ ਇਲਾਵਾ ਹਰਚਰਨ ਭਾਰਤੀ, ਪ੍ਰਿਤਪਾਲ ਕੌਰ ਤੁਲੀ, ਸੁਧਾ ਬੇਦੀ, ਪ੍ਰੀਤ ਕੌਰ ਪ੍ਰੀਤੀ, ਸੈਂਟਰ ਸਟਾਫ਼ ਸਪਨਾ ਸ਼ਾਰਦਾ, ਤਨੂ, ਰਮਨਦੀਪ ਕੌਰ, ਆਸ਼ੂ ਬੱਗਾ, ਮਨਦੀਪ ਕੌਰ, ਮਨਰਾਜ, ਸਾਨੀਆ, ਪ੍ਰਭਜੋਤ, ਗੁਰਪ੍ਰੀਤ, ਰਾਧਿਕਾ, ਮਨਵੀਰ, ਰਵੀਨਾ, ਕਸ਼ਿਸ਼, ਖੁਸ਼ੀ ਰਾਣਾ, ਕਾਮਿਨੀ, ਭਾਵਨਾ, ਸੁਕੰਨਿਆ, ਰਜਨੀ, ਰਮਨਦੀਪ, ਰੰਜਨਾ, ਰਾਧਿਕਾ, ਹਰਮਨਪ੍ਰੀਤ, ਅਮਨਦੀਪ, ਆਰਤੀ, ਈਸ਼ਾ, ਹਰਮਨ, ਸਲੋਨੀ, ਕਾਜਲ ਸ਼ਰਮਾ, ਕੌਸ਼ਲਿਆ, ਲਵਪ੍ਰੀਤ ਕੌਰ, ਮਨੀਸ਼ਾ, ਅੰਜਲੀ, ਮੀਨੂੰ, ਮੋਨਿਕਾ, ਸੁਖਵਿੰਦਰ, ਪਿੰਕੀ, ਗੁਰਪ੍ਰੀਤ , ਹਰਪ੍ਰੀਤ , ਹਿਮਾਂਸ਼ੀ , ਜਸਪ੍ਰੀਤ ਕੌਰ , ਗੀਤਾ , ਸਵਿਤਾ, ਸਨੇਹਾ, ਰੋਸ਼ਨੀ, ਨਗਮਾ, ਆਰਤੀ, ਨੇਹਾ, ਜੈਸਮੀਨ ਕੌਰ, ਮੁਸਕਾਨ, ਸੁਰਜੀਤ, ਰੇਖਾ, ਖੁਸ਼ੀ, ਗੋਮਤੀ, ਦਿਵਿਆ, ਅੰਜਲੀ, ਪ੍ਰਤਿਮਾ, ਨਿਸ਼ਾ, ਮਨਪ੍ਰੀਤ ਕੌਰ, ਮੁਸਕਾਨ ਕੌਰ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਆੜ੍ਹਤੀਆਂ ਦੀ ਹੜਤਾਲ ਦੇ ਚੌਥੇ ਦਿਨ ਧਰਨੇ ਵਾਲੀ ਜਗ੍ਹਾ ਤੇ ਪਹੁੰਚੇ

ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ): ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਪੰਜਾਬ ਭਰ ਦੀਆਂ ਆੜ੍ਹਤੀਆ ਐਸੋਸੀਏਸ਼ਨਾਂ ਵੱਲੋਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਸ਼ੁਰੂ ਕੀਤੀ ਅਣਮਿੱਥੇ ਸਮੇਂ ਦੀ ਹੜਤਾਲ ਦੇ ਚੌਥੇ ਦਿਨ ਅੱਜ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਧਰਨੇ ਵਾਲੀ ਜਗ੍ਹਾ 'ਤੇ ਪਹੁੰਚੇ। ਇਸ ਦੌਰਾਨ ਉਨ੍ਹਾਂ ਭਰੋਸਾ ਦਿੱਤਾ ਕਿ ਕੇਂਦਰ ਸਰਕਾਰ ਨਾਲ ਸਬੰਧਤ ਆੜ੍ਹਤੀਆਂ ਦੀਆਂ ਮੰਗਾਂ ਸਬੰਧੀ ਮੋਦੀ ਸਰਕਾਰ ਨਾਲ ਗੱਲਬਾਤ ਕਰਕੇ ਕੋਈ ਢੁੱਕਵਾਂ ਹੱਲ ਕੱਢਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਅੱਜ ਚੌਥੇ ਦਿਨ ਵੀ ਮੰਡੀਆਂ ਵਿੱਚ ਕੰਮਕਾਜ ਪੂਰੀ ਤਰ੍ਹਾਂ ਠੱਪ ਰਿਹਾ। ਹਰ ਰੋਜ਼ ਦੀ ਤਰ੍ਹਾਂ ਅੱਜ ਵੀ ਆੜ੍ਹਤੀਏ ਅਤੇ ਮੁਨਸ਼ੀਆਂ ਨੇ ਹੁਸ਼ਿਆਰਪੁਰ ਰੋਡ 'ਤੇ ਸਥਿਤ ਨਵੀਂ ਅਨਾਜ ਮੰਡੀ ਦੇ ਗੇਟ ਨੰਬਰ ਇੱਕ 'ਤੇ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਧਰਨਾ ਦਿੱਤਾ ਅਤੇ ਪੰਜਾਬ ਅਤੇ ਕੇਂਦਰ ਸਰਕਾਰਾਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਆੜ੍ਹਤੀਆਂ ਵੱਲੋਂ ਸਾਬਕਾ ਮੰਤਰੀ ਸੋਮ ਪ੍ਰਕਾਸ਼ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਰੇਸ਼ ਭਾਰਦਵਾਜ ਅਤੇ ਕੁਲਵੰਤ ਰਾਏ ਪੱਬੀ ਪ੍ਰਧਾਨ ਨੇ ਅੱਜ ਫਿਰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰਾਂ ਨੇ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਲਾਪਰਵਾਹੀ ਦਾ ਰਵੱਈਆ ਜਾਰੀ ਰੱਖਿਆ ਤਾਂ ਆੜ੍ਹਤੀਏ ਸੜਕਾਂ ਤੇ ਉਤਰ ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਨਾਲ ਪੈਦਾ ਹੋਣ ਵਾਲੀ ਸਥਿਤੀ ਲਈ ਸਰਕਾਰ ਜ਼ਿੰਮੇਵਾਰ ਹੋਵੇਗੀ। ਇਸ ਮੌਕੇ ਭਾਜਪਾ ਕਿਸਾਨ ਮੋਰਚਾ ਦੇ ਕੌਮੀ ਸਕੱਤਰ ਅਵਤਾਰ ਸਿੰਘ ਮੰਡ, ਗਗਨ ਸੋਨੀ, ਸਤਪਾਲ ਸਿੰਘ ਸਾਬਕਾ ਸਰਪੰਚ ਕਿਸ਼ਨਪੁਰ, ਜਤਿੰਦਰ ਸਿੰਘ ਰਣਧੀਰਗੜ੍ਹ, ਉਪਕਾਰ ਜੀਤ ਸਿੰਘ ਦੁੱਗਾਂ ਤੋਂ ਇਲਾਵਾ ਪ੍ਰਵੇਸ਼ ਗੁਪਤਾ, ਗਜਾਨੰਦ ਪ੍ਰਸਾਦ, ਵਰਿੰਦਰਾ ਪਾਠਕ, ਅਜੇ ਗੁਪਤਾ, ਜਤਿੰਦਰਾ ਮੋਹਨ ਸ਼ਰਮਾ ਆਦਿ ਹਾਜ਼ਰ ਸਨ ।, ਕੁਮਾਰ, ਸ਼ੇਖਰ ਸ਼ਰਮਾ, ਪ੍ਰਬੋਧ ਦੁੱਗਲ, ਅਭਿਨੀਤ ਸ਼ਰਮਾ, ਵਿਕਾਸ ਬਾਂਸਲ, ਵਿਨੀਸ਼ ਸੂਦ, ਤਰਸੇਮ ਸਿੰਘ ਭੋਗਲ, ਜਸਵਿੰਦਰ ਘੁੰਮਣ, ਸੁਰਿੰਦਰ ਮੋਹਨ, ਅੰਮ੍ਰਿਤਪਾਲ ਸਿੰਘ ਕੁਲਾਰ, ਡਿਪਟੀ ਰਾਏ, ਹਰਸ਼ ਕੁਮਾਰ ਸਮੇਤ ਅਸ਼ਵਨੀ ਗਰੁੱਪ ਆੜ੍ਹਤੀਏ ਅਤੇ ਮੁਨਸ਼ੀ ਹਾਜ਼ਰ ਸਨ।




ਰੋਜ਼ਾਨਾ ਲੋਕ ਬਾਣੀ
www.lokbani

# ਫਗਵਾੜਾ ਪੁਲਿਸ ਵੱਲੋਂ ਨਜਾਇਜ ਅਸਲਾ ਇੱਕ ਪਿਸਟਲ, 2 ਮੈਗਜ਼ੀਨ ਅਤੇ 10 ਰੌਂਦ ਜਿੰਦਾ ਸਮੇਤ 01 ਦੋਸ਼ੀ ਗ੍ਰਿਫਤਾਰ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦਿਸ਼ਾ ਨਿਰਦੇਸ਼ ਹੇਠ ਮਾੜੇ ਅਨਸਰਾਂ ਦੇ ਖਿਲਾਫ ਵਿੱਢੀ ਮੁਹਿੰਮ ਦੇ ਤਹਿਤ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਪੁਲਿਸ ਟੀਮ ਵੱਲੋਂ 01 ਪਿਸਟਲ GLOCK 43 AUSTRIA 9x19, 02 ਮੈਗਜ਼ੀਨ, 10 ਜਿੰਦਾ ਰੌਂਦ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ

ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਭਾਰਤ ਭੂਸ਼ਣ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਹੇਠ ਐਸ.ਆਈ ਬਿਸ਼ਮਨ ਸਾਹੀ ਇੰਚਾਰਜ ਸੀ.ਆਈ.ਏ ਸਟਾਫ ਫਗਵਾੜਾ ਦੀ ਪੁਲਿਸ ਪਾਰਟੀ ਨੇ ਮੁਖਬਰ ਖਾਸ ਦੀ ਇਤਲਾਹ ਤੇ ਹਰਜਿੰਦਰ ਸਿੰਘ ਉਰਫ ਜਿੰਦਾ ਪੁੱਤਰ ਜਗੀਰ ਸਿੰਘ ਵਾਸੀ ਬੋਹਾਨੀ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਜੋ ਕਾਰ ਨੰਬਰੀ PB 09 CE 2581 ਮਾਰਕਾ ਇੰਡੀਕਾ ਵਿੱਚ ਸਵਾਰ ਹੈ ਜਿਸ ਪਾਸ ਨਾਜਾਇਜ ਅਸਲਾ ਹੈ ਜਿਸ ਤੇ ਪੁਲਿਸ ਪਾਰਟੀ ਨੇ ਡਰੇਨ ਪੁਲ ਬੋਹਾਨੀ ਤੋ ਥੋੜਾ ਪਿੱਛੇ ਨਾਕਾਬੰਦੀ ਕੀਤੀ ਤਾਂ ਦੌਰਾਨੇ ਚੈਕਿੰਗ ਇੱਕ ਇੰਡੀਕਾ ਕਾਰ ਆਉਂਦੀ ਦਿਖਾਈ ਦਿੱਤੀ ਜਿਸਨੂੰ ਪੁਲਿਸ ਪਾਰਟੀ ਨੇ ਰੋਕਿਆ ਤਾਂ ਹਰਜਿੰਦਰ ਸਿੰਘ ਉਰਫ ਜਿੰਦਾ ਪੁੱਤਰ ਜਗੀਰ ਸਿੰਘ ਵਾਸੀ ਬੋਹਾਨੀ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਦੀ ਤਲਾਸ਼ੀ ਕਰਨ ਤੇ ਉਸ ਡੱਬ ਵਿੱਚੋ ਇੱਕ ਪਿਸਟਲ GLOCK 43 AUSTRIA 9x19, 02 ਮੈਗਜ਼ੀਨ 10 ਜਿੰਦਾ ਰੋਂਦ ਬਰਾਮਦ ਹੋਏ 59 ਮਿਤੀ 01-10-2024 ਅ/ਧ 25- 54-59 ਆਰਮਜ ਐਕਟ ਤਹਿਤ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਵਿਖੇ ਦਰਜ ਰਜਿਸਟਰ ਕਰਵਾਇਆ ਗਿਆ ਦੋਸ਼ੀ ਨੂੰ ਇਹ ਪਿਸਟਲ, ਮੈਗਜੀਨ,10 ਜਿੰਦਾ ਰੌਂਦ ਹਰਪ੍ਰੀਤ ਸਿੰਘ ਉਰਫ ਹੈਪੋ ਪੁੱਤਰ ਗੁਰਦਿਆਲ ਸਿੰਘ ਵਾਸੀ ਬੋਹਾਨੀ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਜੋ ਵਿਦੇਸ਼ ਵਿੱਚ ਬੈਠੇ ਨੇ ਇਹ ਪਿਸਟਲ ਹਰਜਿੰਦਰ ਸਿੰਘ ਉਰਫ ਜਿੰਦਾ ਨੂੰ ਟਾਰਗੇਟ ਕਲਿੰਗ ਲਈ ਮੁਹੱਈਆ ਕਰਵਾਇਆ ਸੀ ਇਸ ਦੇ ਹੋਰ ਏ ਕੈਟਾਗਿਰੀ ਗੈਂਗਸਟਰਾ ਨਾਲ ਲਿੰਕ ਹੋਣ ਦੀ ਸੰਭਾਵਨਾ ਹੈ ਸੀ.ਆਈ.ਏ ਸਟਾਫ ਫਗਵਾੜਾ ਦੀ ਪੁਲਿਸ ਪਾਰਟੀ ਨੇ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਟਾਰਗੇਟ ਕਲਿੰਗ ਹੋਣ ਤੋਂ ਰੋਕਣ ਵਿੱਚ ਸਫਲਤਾ ਹਾਸਲ ਕੀਤੀ ਹੈ ਦੋਸੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾਵੇਗੀ, ਜਿਸ ਪਾਸੋਂ ਹੋਰ ਵੀ ਅਹਿਮ ਸਨਸਨੀਖੇਜ ਖੁਲਾਸੇ ਹੋਣ ਦੀ ਸੰਭਾਵਨਾ ਹੈ



ਰੋਜ਼ਾਨਾ ਲੋਕ ਬਾਣੀ
www.lokbani

# ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ .ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਤਿੰਨ ਪ੍ਰਚਾਰ ਵੈਨਾਂ ਰਵਾਨਾ

ਗੁਰਦਾਸਪੁਰ -ਨਵਨੀਤ ਕੁਮਾਰ -

ਜ਼ਿਲ੍ਹੇ ਵਿੱਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਇਸ ਦੇ ਸੁਚੱਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ, ਕਿਸਾਨਾਂ ਨੂੰ ਮਸ਼ੀਨਰੀ ਸਬੰਧੀ ਜਾਣਕਾਰੀ ਦੇਣ ਲਈ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਰੁਝਾਨ ਨੂੰ ਜ਼ਮੀਨੀ ਪੱਧਰ 'ਤੇ ਠੱਲ੍ਹ ਪਾਉਣ ਲਈ ਬਹੁ-ਪੱਖੀ ਰਣਨੀਤੀ ਅਪਣਾਉਂਦੇ ਹੋਏ ਡਿਪਟੀ ਕਮਿਸ਼ਨਰ ਵੱਲੋਂ ਅੱਜ ਹਾਟ ਸਪਾਟ ਪਿੰਡਾਂ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਤਿਆਰ ਕੀਤੀਆਂ ਤਿੰਨ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ । ਇਸ ਮੌਕੇ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) , ਆਦਿਤਿਆ ਗੁਪਤਾ, ਸਹਾਇਕ ਕਮਿਸ਼ਨਰ (ਜ), ਸੁਰਿੰਦਰਪਾਲ ਸਿੰਘ, ਮੁੱਖ ਖੇਤੀਬਾੜੀ ਅਫਸਰ, ਇੰਜ. ਦੀਪਕ ਭਾਰਦਵਾਜ, ਮਨਜੀਤ ਸਿੰਘ ਏ.ਡੀ.ਓ. ਵੀ ਮੌਜੂਦ ਸਨ । ਵੈਨਾਂ ਨੂੰ ਰਵਾਨਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵੈਨਾਂ ਲੋਕਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਗੀਆਂ, ਜਿਨ੍ਹਾਂ ਵਿੱਚ ਆਡੀਓ ਸੰਦੇਸ਼ ਚਲਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਵੈਨਾਂ ਜ਼ਿਲ੍ਹੇ ਦੇ ਖੇਤੀਬਾੜੀ ਬਲਾਕਾਂ ਬਟਾਲਾ, ਸ੍ਰੀ ਹਰਗੋਬਿੰਦਪੁਰ ਸਾਹਿਬ ਅਤੇ ਫਤਿਹਗੜ੍ਹ ਚੂੜੀਆਂ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਪੱਖੋਂ ਸੰਵੇਦਨਸ਼ੀਲ ਖੇਤਰਾਂ (ਹਾਟ ਸਪਾਟਸ) ਦਾ ਦੌਰਾ ਕਰਨਗੀਆਂ ਅਤੇ ਇਸ ਦੇ ਸਹੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਦੇ ਨਾਲ ਨਾਲ ਬਲਾਕ ਵਿੱਚ ਮੌਜੂਦ ਪਰਾਲੀ ਪ੍ਰਬੰਧਨ ਦੀ ਮਸ਼ੀਨਰੀ ਸਬੰਧੀ ਵੀ ਜਾਣਕਾਰੀ ਦੇਣਗੀਆਂ ਅਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਸਾਹਿਤ ਦੀ ਵੰਡ ਵੀ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਨੂੰ ਅਪਣਾ ਕੇ ਕਿਸਾਨਾਂ ਦੇ ਸਹਿਯੋਗ ਨਾਲ ਅੱਗਾਂ ਦੀਆਂ ਘਟਨਾਵਾਂ ਨੂੰ ਰੋਕਿਆ ਜਾਵੇਗਾ । ਉਨ੍ਹਾਂ ਕਿਹਾ ਕਿ ਖੇਤਾਂ ਚ ਪਰਾਲੀ ਨੂੰ ਅੱਗ ਲਾਉਣ ਨੂੰ ਸਖ਼ਤੀ ਨਾਲ ਨਜਿੱਠਿਆ ਜਾਵੇਗਾ, ਕਿਉਂਕਿ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜਾਮ ਹਨ, ਇਸ ਦੇ ਬਾਵਜੂਦ ਵੀ ਜੇਕਰ ਕਿਸੇ ਕਿਸਾਨ ਨੇ ਖੇਤਾਂ ਵਿੱਚ ਅੱਗ ਲਗਾਈ ਤਾਂ ਉਸ ਵਿਰੁੱਧ ਨੈਸ਼ਨਲ ਗਰੀਨ ਟ੍ਰਿਬਿਊਨਲ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਆਪਣੇ ਜੀਵਨ, ਵਾਤਾਵਰਣ ਤੇ ਧਰਤੀ ਨੂੰ ਸੰਭਾਲਣ ਲਈ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਸੰਭਾਲਣ ਜਾਂ ਜ਼ਮੀਨ ਵਿੱਚ ਹੀ ਵਾਹੁਣ ਤੇ ਜੋਰ ਦਿੰਦਿਆ ਕਿਹਾ ਕਿ ਦੋਵੇਂ ਤਕਨੀਕਾਂ ਨਾਲ ਪਰਾਲੀ ਦਾ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਲਈ ਉਪਲੱਬਧ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਆਪਣੇ ਖੇਤਾਂ ਵਿਚ ਹੀ ਵਾਹ ਕੇ ਜਾਂ ਇਸ ਦੀਆਂ ਗੱਠਾਂ ਬੰਨਵਾ ਕੇ ਇਸ ਦੀ ਸੁਚੱਜੀ ਸਾਂਭ ਸੰਭਾਲ ਕੀਤੀ ਜਾਵੇ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਕਿਸਾਨ ਆਪਣਾ ਬਹੁਮੁੱਲਾ ਯੋਗਦਾਨ ਦੇਣ ।



ਰੋਜ਼ਾਨਾ ਲੋਕ ਬਾਣੀ
www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਉਪਕਾਰ ਸਿੰਘ ਸੰਧੂ ਨੇ ਮਨਦੀਪ ਸਿੰਘ ਮੰਨਾ ਨੂੰ ਸਵਾਲ ਪੁੱਛੇ



ਅੰਮ੍ਰਿਤਸਰ ( ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਨੇ ਸਮਾਜ ਸੇਵੀ ਅੰਮ੍ਰਿਤਪਾਲ ਸਿੰਘ ਬਬਲੂ ਦੇ ਹੱਕ ਵਿੱਚ ਪ੍ਰੈੱਸ ਕਾਨਫਰੰਸ ਕਰਕੇ ਮਨਦੀਪ ਸਿੰਘ ਮੰਨਾ ਨੂੰ ਸਵਾਲ ਪੁੱਛੇ ਕਿ ਕਿਵੇਂ ਇੱਕ ਦਿਨ ਵਿੱਚ ਬਬਲੂ ਖ਼ਿਲਾਫ਼ ਐਫਆਈਆਰ ਦਰਜ ਹੋ ਗਈ ਤੇ ਉਸ ਕੋਲ ਕਰੋੜਾਂ ਰੁਪਏ ਦਾ ਪੈਸਾ ਬਿਨਾ ਕੰਮ ਕਿੱਥੋਂ ਆਉਂਦਾ ਹੈ ?

ਉਪਕਾਰ ਸਿੰਘ ਸੰਧੂ ਨੇ ਦੱਸਿਆ ਕਿ ਮਨਦੀਪ ਸਿੰਘ ਮੰਨਾ ਖਿਲਾਫ ਬੋਲਣ ਤੇ ਅੰਮ੍ਰਿਤਪਾਲ ਸਿੰਘ ਬਬਲੂ ਖਿਲਾਫ ਐਫ.ਆਈ.ਆਰ ਦਰਜ ਕੀਤੀ ਗਈ ਹੈ ਪਰ ਉਹ ਹੈਰਾਨ ਹਨ ਕਿ 25 ਸਤੰਬਰ ਨੂੰ ਕ੍ਰਾਈਮ ਬ੍ਰਾਂਚ ਵਲੋਂ ਇਕ ਹੀ ਦਿਨ ਵਿਚ ਬਿਨਾਂ ਕਿਸੇ ਜਾਂਚ ਦੇ ਕਿਵੇਂ ਐਫ.ਆਈ.ਆਰ. ਹੋ ਗਈ ਜਦਕਿ ਕਈ ਵੱਡੀਆਂ ਵਾਰਦਾਤਾਂ ਤੋਂ ਬਾਦ ਵੀ ਦਿਨਾਂ ਤਕ ਐਫਆਈਆਰ ਦਰਜ ਨਹੀਂ ਹੁੰਦੀ। ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਐਫਆਈਆਰ ਇੱਕ ਸਾਲ ਪਹਿਲਾਂ ਲਏ ਪੈਸਿਆਂ ਦੇ ਆਧਾਰ 'ਤੇ ਦਰਜ ਕੀਤੀ ਗਈ ਹੈ, ਜਦੋਂ ਕਿ ਜੇਕਰ ਪੈਸੇ ਜ਼ਬਰਦਸਤੀ ਲਏ ਗਏ ਸਨ ਤਾਂ ਇੱਕ ਸਾਲ ਪਹਿਲਾਂ ਕਿਉਂ ਨਹੀਂ ਕਿਹਾ ਗਿਆ। ਉਸ ਨੇ ਕਿਹਾ ਕਿ ਉਸ ਤੇ ਜੋ ਪੈਸੇ ਜ਼ਬਰਦਸਤੀ ਲੈਣ ਦਾ ਦੋਸ਼ ਹੈ, ਉਹ ਬਬਲੂ ਦੀ ਤਨਖਾਹ ਦੇ ਪੈਸੇ ਸਨ ਜੋ ਕਿ ਉਹ ਮਨਦੀਪ ਸਿੰਘ ਮੰਨਾ ਦੇ ਸੋਸ਼ਲ ਮੀਡੀਆ ਦਾ ਕੰਮ ਕਰਨ ਬਦਲੇ ਲੈਂਦਾ ਸੀ।

ਉਪਕਾਰ ਸਿੰਘ ਸੰਧੂ ਨੇ ਸਵਾਲ ਉਠਾਇਆ ਕਿ ਸਾਰੇ ਅਧਿਕਾਰੀ ਮਨਦੀਪ ਸਿੰਘ ਮੰਨਾ ਤੋਂ ਕਿਉਂ ਡਰਦੇ ਹਨ ਅਤੇ ਉਹ ਅਜਿਹਾ ਕੀ ਕੰਮ ਕਰਦੇ ਹਨ ਕਿ ਕੁਝ ਸਾਲਾਂ ਵਿਚ ਹੀ ਕਰੋੜਾਂ ਦੀ ਜਾਇਦਾਦ ਬਣ ਗਈ। ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਮਨਦੀਪ ਸਿੰਘ ਮੰਨਾ ਕੋਲ ਕੁਝ ਨਹੀਂ ਸੀ ਅਤੇ ਕੋਵਿਡ ਤੋਂ ਪਹਿਲਾਂ ਉਨ੍ਹਾਂ ਕੋਲ ਕੁਝ ਨਹੀਂ ਸੀ ਪਰ ਹੁਣ ਇਹ ਕਿਵੇਂ ਆਇਆ ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਐਫਆਈਆਰ ਬਿਲਕੁਲ ਝੂਠੀ ਹੈ ਅਤੇ ਇਸ ਦੀ ਜਾਂਚ ਹੋਣੀ ਚਾਹੀਦੀ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਜਿਲ੍ਹਾ ਕਚਹਿਰੀਆਂ, ਗੁਰਦਾਸਪੁਰ ਵਿਖੇ ਸਵੱਛਤਾ ਅਭਿਆਨ ਸਵੱਛਤਾ ਹੀ ਸੇਵਾ-2024' ਦੀ ਸ਼ੁਰੂਆਤ




ਗੁਰਦਾਸਪੁਰ-ਨਵਨੀਤ ਕੁਮਾਰ - ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਰਹਿਨੁਮਾਈ ਹੇਠ ਮੈਡਮ ਰਮਨੀਤ ਕੌਰ, ਮਾਨਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ, ਦੁਆਰਾ ਜਿਲ੍ਹਾ ਕਚਹਿਰੀਆਂ ਗੁਰਦਾਸਪੁਰ ਵਿਖੇ ਸਵੱਛਤਾ ਅਭਿਆਨ ਸਵੱਛਤਾ ਹੀ ਸੇਵਾ-2024' ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸ੍ਰੀ ਰਜੇਸ਼ ਆਹਲੂਵਾਲੀਆ, ਸਿਵਿਲ ਜੱਜ (ਸੀਨੀਅਰ ਡਵੀਜਨ), ਗੁਰਦਾਸਪੁਰ, ਸ੍ਰੀ ਰੰਜੀਵ ਪਾਲ ਸਿੰਘ ਚੀਮਾ, ਚੀਫ ਜੁਡੀਸ਼ੀਅਲ ਮੈਜਿਸਟਰੇਟ, ਗੁਰਦਾਸਪੁਰ ਵੀ ਮੌਜੂਦ ਸਨ। ਇਸ ਮੌਕੇ ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਜਿਲ੍ਹਾ ਕਚਹਿਰੀਆਂ ਦੇ ਸਾਰੇ ਸਫਾਈ ਕਰਮਚਾਰੀਆਂ ਨੂੰ ਸਫਾਈ ਰੱਖਣ ਬਾਰੇ ਕਿਹਾ ਅਤੇ ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ ਦੁਆਰਾ ਜਿਲ੍ਹਾ ਕਚਿਹਰੀਆਂ ਦੇ ਸਭ ਤੋਂ ਵਧੀਆਂ ਸਫਾਈ ਕਰਮਚਾਰੀਆਂ ਨੂੰ ਪ੍ਰਸੰਸ਼ਾ ਪੱਤਰ ਵੰਡੇ ਗਏ। ਇਸ ਮੌਕੇ ਮੈਡਮ ਰਮਨੀਤ ਕੌਰ, ਮਾਨਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ, ਵੱਲੋਂ ਸਫਾਈ ਕਰਮਚਾਰੀਆਂ ਨੂੰ ਪ੍ਰੋਤਸਾਹਨ ਦੇਣ ਲਈ ਮਿਠਾਈ ਵੰਡੀ ਗਈ। ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ ਨੇ ਸਾਰੇ ਸਫਾਈ ਕਰਮਚਾਰੀਆਂ ਨੂੰ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਇਹ ਸਵੱਛਤਾ ਅਭਿਆਨ ਸਵੱਛਤਾ ਹੀ ਸੇਵਾ- 2024' ਪੂਰਾ ਹਫਤਾ ਚੱਲੇਗਾ ਅਤੇ ਸਾਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣੀ ਚਾਹੀਦੀ।

ਇਸ ਸਵੱਛਤਾ ਅਭਿਆਨ ਮੌਕੇ ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ ਦੁਆਰਾ ਜਿਲ੍ਹਾ ਕਚਹਿਰੀਆਂ, ਗੁਰਦਾਸਪੁਰ ਦਾ ਦੌਰਾ ਕੀਤਾ ਗਿਆ ਅਤੇ ਸਫਾਈ ਦਾ ਜਾਇਜਾ ਲਿਆ।

# ਗੁਲਾਬ ਸਿੰਘ ਰਾਣਾ ਗੜਵਾਲ ਯੁਵਾ ਭਰਾਤਰੀ ਮੰਡਲ (ਰਜਿ) ਦੇ ਬਣੇ ਪ੍ਰਧਾਨ

ਅੰਮ੍ਰਿਤਸਰ, ( ਲੋਕ ਬਾਣੀ) ਗੜਵਾਲ ਯੁਵਾ ਭਰਾਤਰੀ ਮੰਡਲ (ਰਜਿ) ਵੱਲੋਂ ਸਲਾਨਾ ਚੋਣ ਸਮਾਗਮ ਦੇ ਦੌਰਾਨ ਸ੍ਰੀ ਰਾਮਾਇਣ ਪਾਠ ਕਰਵਾਏ ਗਏ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕਰਦੇ ਹੋਏ ਸ਼ਰਧਾਪੂਰਵਕ ਤਰੀਕੇ ਨਾਲ ਮੰਤਰ ਉਚਾਰਨ ਕਰਦਿਆਂ ਹਵਨ ਯੱਗ ਵੀ ਕਰਵਾਇਆ ਗਿਆ। ਇਸ ਮੌਕੇ ਤੇ ਨਵੇਂ ਚੁਣੇ ਗਏ ਪ੍ਰਧਾਨ ਗੁਲਾਬ ਸਿੰਘ ਰਾਣਾ ਦੀ ਦੇਖਰੇਖ ਵਿੱਚ ਨਵੀਂ ਟੀਮ ਦਾ ਗਠਨ ਕਰਦੇ ਹੋਏ ਸਾਰਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਆਜ਼ਾਦ ਇੰਡੀਆ ਨਿਊਜ਼ ਦੇ ਸੰਸਥਾਪਕ ਅਤੇ ਏਕਨੂਰ ਸੇਵਾ ਟਰੱਸਟ ਦੇ ਪ੍ਰਧਾਨ ਅਰਵਿੰਦਰ ਵੜੈਚ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ। ਵੜੈਚ ਨੇ ਕਿਹਾ ਕਿ ਉੱਤਰਾਖੰਡ ਦੇ ਸੰਸਕ੍ਰਿਤੀ, ਭਾਈਚਾਰੇ,ਇਤਿਹਾਸ ਨੂੰ ਜਿੰਦਾ ਰੱਖਣ ਦੇ ਨਾਲ ਉਸ ਦਾ ਪ੍ਰਚਾਰ ਅਤੇ ਪ੍ਰਸਾਰ ਕਰਨ ਸਮੇਤ ਧਾਰਮਿਕ ਅਤੇ ਸਮਾਜਿਕ ਕੰਮਾਂ ਵਿੱਚ ਵੱਧ ਚੜ ਕੇ ਯੋਗਦਾਨ ਅਦਾ ਕਰਨ ਵਜੋਂ ਸੰਸਥਾ ਵੱਲੋਂ ਕੀਤੇ ਜਾ ਰਹੇ ਕੰਮ ਸਰਾਣਾਯੋਗ ਹਨ। ਸੰਸਥਾ ਵੱਲੋਂ ਸਮਾਜ ਨੂੰ ਦਿੱਤਾ ਜਾਣ ਵਾਲਾ ਯੋਗਦਾਨ ਕਾਬਿਲੇ ਤਾਰੀਫ ਹੈ। ਉਨਾਂ ਨੇ ਨਵੀਂ ਚੁਣੀ ਟੀਮ ਨੂੰ ਸ਼ੁਭਕਾਮਨਾਵਾਂ ਭੇਟ ਕਰਦੇ ਹੋਏ ਵਧਾਈਆਂ ਦਿੱਤੀਆਂ।



ਉੱਤਰਾਖੰਡੀ ਭਾਈਚਾਰੇ ਵੱਲੋਂ ਸਰਬ ਸੰਮਤੀ ਦੇ ਨਾਲ ਗੁਲਾਬ ਸਿੰਘ ਰਾਣਾ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ। ਜਿਸ ਦੌਰਾਨ ਮਨਮੋਹਨ ਸਿੰਘ ਨੇਗੀ ਮੀਤ ਪ੍ਰਧਾਨ,ਭਾਰਤ ਭੂਸ਼ਣ ਸੈਕਟਰੀ,ਬਖਤਾਵਰ ਸਿੰਘ ਰਾਵਤ ਕੈਸ਼ੀਅਰ,ਗਣੇਸ਼ ਰਾਣਾ ਸਹਾਇਕ ਕੈਸ਼ੀਅਰ,ਭਰਤ ਪੁੰਧੀਰ ਪ੍ਰਚਾਰ ਸੈਕਟਰੀ, ਸੱਬਲ ਸਿੰਘ ਰਾਵਤ ਅਤੇ ਲਾਖੀ ਚੰਦ ਰਮੋਲਾ ਸਹਾਇਕ ਪ੍ਰਚਾਰਕ,ਸੋਭਨ ਸਿੰਘ ਰੋਥਾਨ ਸੰਗਠਨ ਸੈਕਟਰੀ,ਪ੍ਰਤਾਪ ਸਿੰਘ ਡੋਬਲਿਆਲ ਸੰਸਕ੍ਰਿਤੀ ਸੈਕਟਰੀ,ਨਰਿੰਦਰ ਚੌਹਾਨ ਅਤੇ ਹਰਨੇਕ ਸਿੰਘ ਰੋਥਾਨ ਸਲਾਹਕਾਰ,ਗੰਭੀਰ ਸਿੰਘ ਤਡਿਆਲ ਪ੍ਰੈਸ ਸੈਕਟਰੀ, ਭਗਤ ਸਿੰਘ ਕੁਠਾਰੀ ਮੇਨ ਟੀਮ ਦੇ ਅਹੁਦੇਦਾਰ ਚੁਣੇ ਗਏ। ਉਕਤ ਟੀਮ ਤੋਂ ਇਲਾਵਾ ਗਰੀਸ ਕੋਠਾਰੀ,ਸ਼ੰਭੂ ਪ੍ਰਸ਼ਾਦ ਕੰਡਪਾਲ,ਪੁਸ਼ਕਰ ਭਰਤਵਾਲ,ਸੂਰਜ ਰਾਣਾ,ਰਜਿੰਦਰ ਸਿੰਘ ਰਾਵਤ,ਬੇਲ ਸਿੰਘ ਅਮਵਾਲ,ਗੁੱਡੂ ਨੋਡਿਆਲ, ਕੁਲਬੀਰ ਚੋਹਾਨ,ਮਹਾਵੀਰ ਚੌਹਾਨ,ਪੰਡਿਤ ਲਕਸ਼ਮਣ ਉਨਿਆਲ, ਪ੍ਰੇਮ ਨੇਗੀ,ਜੋਤੀ ਰਾਵਤ,ਪ੍ਰੀਤਮ,ਰੋਸ਼ਨ ਲਾਲ, ਨਰਿੰਦਰ ਪ੍ਰਸਾਦ,ਤਰਲੋਕ ਠਾਕੁਰ,ਕਰਨ ਠਾਕੁਰ,ਵਿਜੇ ਮਖਲੋਵਾ,ਪੰਡਿਤ ਗੌਰਵ ਉਨਿਆਲ ਟੀਮ ਦੇ ਵਿੱਚ ਕਾਰਜ ਕਰਨੀ ਮੈਂਬਰ ਚੁਣੇ ਗਏ।

ਪ੍ਰਧਾਨ ਗੁਲਾਬ ਸਿੰਘ ਰਾਣਾ ਨੇ ਕਿਹਾ ਕਿ ਪੰਜਾਬ ਵਿੱਚ ਉੱਤਰਾਖੰਡ ਦੇ ਰਹਿਣ ਵਾਲੇ ਪਰਿਵਾਰਾਂ ਨੂੰ ਇੱਕ ਪਲੇਟਫਾਰਮ ਤੇ ਖੜਾ ਕਰਦਿਆਂ ਉਹਨਾਂ ਦੀਆਂ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਕਰਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉੱਤਰਾਖੰਡ ਦੀ ਸੰਸਕ੍ਰਿਤੀ,ਰਹਿਣ-ਸਹਿਨ, ਪਹਿਰਾਵੇ,ਬੋਲੀ,ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਰੱਖਦਿਆਂ ਆਉਣ ਵਾਲੀ ਪੀੜੀ ਨੂੰ ਜਾਗਰੂਕ ਕੀਤਾ ਜਾਵੇਗਾ। ਪਹਿਲਾਂ ਦੀ ਤਰ੍ਹਾਂ ਧਾਰਮਿਕ ਅਤੇ ਸਮਾਜ ਸੇਵੀ ਕੰਮਾਂ ਵਿੱਚ ਯੋਗਦਾਨ ਅਦਾ ਕਰਨ ਲਈ ਸੰਸਥਾ ਦੀ ਪੂਰੀ ਟੀਮ ਹਮੇਸ਼ਾ ਆਪਣਾ ਯੋਗਦਾਨ ਅਦਾ ਕਰੇਗੀ। ਰਾਣਾ ਵੱਲੋਂ ਪੂਰੀ ਟੀਮ ਨੂੰ ਵਧਾਈ ਦਿੰਦੇ ਹੋਏ ਪ੍ਰਭੂ ਸ਼੍ਰੀ ਰਾਮ ਨਾਮ ਦੇ ਸਰੋਪਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਡਾਕਟਰ ਜਗਜੀਵਨ ਸਿੰਘ ਨੇ ਸ਼ੇਰਪੁਰ ਚ ਆਪਣੀ ਚੋਣ ਮੁਹਿੰਮ ਭਖਾਈ

## ☛ ਕਸਬੇ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਨਹੀਂ ਛੱਡਾਂਗਾ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਜਿਉਂ ਜਿਉਂ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਤਿਉਂ ਤਿਉਂ ਚੋਣ ਲੜਨ ਵਾਲੇ ਉਮੀਦਵਾਰਾਂ ਨੇ ਵੀ ਆਪਣੀ ਸਰਗਰਮੀਆਂ ਨੂੰ ਤੇਜ਼ ਕਰ ਦਿੱਤਾ ਹੈ। ਅੱਜ ਕਸ਼ਬਾ ਸ਼ੇਰਪੁਰ ਦੀ ਜਰਨਲ ਸੀਟ ਤੋਂ ਟੱਕਰ ਦੇ ਰਹੇ ਸਾਬਕਾ ਡੀਐਚਓ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਆਪਣੀ ਚੋਣ ਮੁਹਿੰਮ ਨੂੰ ਪੂਰੀ ਤਰ੍ਹਾਂ ਭਖਾ ਦਿੱਤਾ ਹੈ। ਉਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਸਬਾ ਸੇਰਪੁਰ ਦੇ ਸੁਲਝੇ ਹੋਏ ਅਤੇ ਸੂਝਵਾਨ ਵੋਟਰ ਉਹਨਾਂ ਨੂੰ ਪੂਰਨ ਸਮਰੱਥਨ ਦੇ ਰਹੇ ਹਨ। ਉਹਨਾਂ ਦੱਸਿਆ ਕਿ ਉਨਾਂ ਵੱਲੋਂ ਕਾਗਜ਼ ਭਰਨ ਤੋਂ ਬਾਅਦ ਉਹਨਾਂ ਦੇ ਵੱਡੀ ਗਿਣਤੀ ਸਪੋਟਰਾਂ ਵੱਲੋਂ ਲਗਾਤਾਰ ਵੱਖ-ਵੱਖ ਵਾਰਡਾਂ ਅੰਦਰ ਜਿੱਥੇ ਮੀਟਿੰਗਾਂ ਵਿੱਚ ਲੋਕਾਂ ਦਾ ਭਰਪੂਰ ਹਲਾਰਾ ਮਿਲ ਰਿਹਾ ਹੈ ਉਥੇ ਉਹਨਾਂ ਨੂੰ ਵੋਟ ਮਿਲਣ ਦੀ ਪੂਰੀ ਆਸ ਹੈ। ਉਹਨਾਂ ਦੱਸਿਆ ਕਿ ਕਸਬੇ ਅੰਦਰ ਆਪ ਮੁਹਾਰੇ ਉਨਾਂ ਦੇ ਹੱਕ ਵਿੱਚ ਇੱਕ ਲਹਿਰ ਬਣ ਰਹੀ ਹੈ ਜੋ ਆਉਣ ਵਾਲੇ ਦਿਨਾਂ ਅੰਦਰ ਉਨਾਂ ਨੂੰ ਵੱਡੀ ਗਿਣਤੀ ਵਿੱਚ ਜਿਤਾਉਣ ਲਈ ਅਹਿਮ ਭੂਮਿਕਾ ਨਿਭਾਵੇਗੀ। ਡਾਕਟਰ ਜਗਜੀਵਨ ਸਿੰਘ ਹੁਰਾਂ ਨੇ ਅੱਗੇ ਦੱਸਿਆ ਹੈ ਕਿ ਉਹਨਾਂ ਦਾ ਪਰਿਵਾਰ ਪਹਿਲਾਂ ਤੋਂ ਹੀ ਸਮਾਜ ਸੇਵਾ ਦੀ ਸੱਚੀ ਅਤੇ ਸੁੱਚੀ ਭਾਵਨਾ ਰੱਖਦਾ ਹੈ ਅਤੇ ਹੁਣ ਕਸਬਾ ਸ਼ੇਰਪੁਰ ਦੇ ਪੜ੍ਹੇ ਲਿਖੇ ਅਤੇ ਸੂਝਵਾਨ ਸਪੋਰਟਰਾਂ ਨੇ ਉਨਾਂ ਨੂੰ ਸ਼ੇਰਪੁਰ ਤੋਂ ਚੋਣ ਲੜਨ ਲਈ ਹੱਲਾ ਸੇਰੀ ਵੀ ਦਿੱਤੀ ਹੈ ਤਾਂ ਜੋ ਸਾਰੇ ਭੈਣ ਭਾਈਆਂ ਨਾਲ ਰਲ ਮਿਲ ਕੇ ਕਸਬੇ ਸ਼ੇਰਪੁਰ ਦੀ ਨੁਹਾਰ ਨੂੰ ਬਦਲਿਆ ਜਾ ਸਕੇ। ਉਹਨਾਂ ਕਿਹਾ ਹੈ ਕਿ ਕਸਬੇ ਦੇ ਵੋਟਰਾਂ ਵੱਲੋਂ ਮਿਲ ਰਿਹਾ ਭਰਭੂਰ ਸਾਥ ਤੇ ਉਹ ਹਮੇਸ਼ਾ ਰਿਣੀ ਰਹਿਣਗੇ। ਅੰਤ ਵਿੱਚ ਉਹਨਾਂ ਕਿਹਾ ਹੈ ਕਿ ਉਹ ਭਰੋਸਾ ਦਵਾਉਂਦੇ ਹਨ ਕਿ ਕਸਬੇ ਦੀਆਂ ਜਿੰਨੀਆਂ ਵੀ ਸਮੱਸਿਆਵਾਂ ਹਨ ਉਹਨਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਗੇ। ਇਸ ਮੌਕੇ ਉਨਾਂ ਨਾਲ ਦਿਲਤ ਵਿਦਵਾਨ ਦਰਸ਼ਨ ਸਿੰਘ ਬਾਜਵਾ,ਹਰਵਿੰਦਰ ਸਿੰਘ ਮਿੱਟੂ ਅਤੇ ਹੋਰ ਵੀ ਆਗੂ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਉਮਰ ਅਬਦੁੱਲਾ ਚੋਣ ਥਕਾਵਟ ਤੋਂ ਬਾਅਦ ਸਨਾਵਰ ਪਹੁੰਚੇ, ਲਾਰੈਂਸ ਸਕੂਲ ਦੇ ਫਾਊਂਡਰ ਡੇ ਚ ਹਿੱਸਾ ਲਿਆ



ਚੰਡੀਗੜ੍ਹ, ( ਲੋਕ ਬਾਣੀ) ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਚੋਣਾਂ ਤੋਂ ਬਾਅਦ ਦੇ ਆਪਣੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਲਾਰੈਂਸ ਸਕੂਲ ਸਨਾਵਰ ਦੇ 177ਵੇਂ ਸਥਾਪਨਾ ਦਿਵਸ ਵਿੱਚ ਹਿੱਸਾ ਲਿਆ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਵੁਕ ਹੋ ਗਏ ਅਤੇ ਕਿਹਾ ਕਿ ਸਨਾਵਰ ਵਿੱਚ ਬੁਨਿਆਦੀ ਢਾਂਚੇ ਦੇ ਮਾਮਲੇ ਵਿੱਚ ਵੱਡੀ ਤਬਦੀਲੀ ਆਈ ਹੈ। ਅਬਦੁੱਲਾ ਲਾਰੈਂਸ ਸਕੂਲ ਦੇ 1981-89 ਬੈਚ ਦਾ ਓਲਡ ਸਨਾਵਰੀਅਨ (ਓ.ਐਸ.) ਹੈ। ਸਕੂਲ ਦਾ ਹੈੱਡ ਬੁਆਏ ਹੋਣ ਦੇ ਨਾਲ-ਨਾਲ ਉਹ ਵਿੰਧਿਆ ਹਾਊਸ ਦਾ ਕਪਤਾਨ ਵੀ ਸੀ। ਉਨ੍ਹਾਂਨੇ ਦੱਸਿਆ ਕਿ ਜਿਸ ਮੈਦਾਨ ਤੇ ਉਹ ਆਪਣੇ ਸਾਥੀਆਂ ਨਾਲ ਮਾਰਚ ਪਾਸਟ ਕਰਦਾ ਸੀ, ਉੱਥੇ ਉਹ ਕਦੇ ਫੁੱਟਬਾਲ ਦਾ ਅਭਿਆਸ ਵੀ ਕਰਦਾ ਸੀ। ਅਭਿਆਸ ਦੌਰਾਨ ਉਸ ਦੇ ਗੋਡੇ ਖੁਰਚ ਜਾਂਦੇ ਸਨ ਅੱਜ ਇਹ ਗਰਾਊਂਡ ਐਸਟ੍ਰੋ ਟਰਫ ਨਾਲ ਲੈਸ ਹੈ ਅਤੇ ਸਕੂਲ ਦੇ ਆਯੋਜਨਾਂ ਦਾ ਮੁੱਖ ਸਥਾਨ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਉਨ੍ਹਾਂ ਨੂੰ ਮੌਕਾ ਮਿਲਦਾ ਹੈ, ਉਹ ਸਨਾਵਰ ਆ ਕੇ ਬਹੁਤ ਵਧੀਆ ਮਹਿਸੂਸ ਕਰਦੇ ਹਨ। ਜੰਮੂ-ਕਸ਼ਮੀਰ ਚ ਹਾਲ ਹੀ ਚ ਹੋਈਆਂ ਚੋਣਾਂ ਬਾਰੇ ਪੁੱਛੇ ਜਾਣ ਤੇ ਉਨ੍ਹਾਂ ਕਿਹਾ ਕਿ ਉਮੀਦਵਾਰ ਜਿੱਤਣ ਲਈ ਹੀ ਚੋਣ ਲੜਦੇ ਹਨ। ਹਰ ਪਾਰਟੀ ਜਿੱਤ ਦੇ ਦਾਅਵੇ ਕਰੇਗੀ ਪਰ ਅਸਲੀ ਨਤੀਜਾ 8 ਅਕਤੂਬਰ ਨੂੰ ਹੀ ਪਤਾ ਲੱਗੇਗਾ।

ਫਾਊਂਡਰ ਡੇ ਦੇ ਤੀਜੇ ਅਤੇ ਆਖ਼ਰੀ ਦਿਨ ਦੇ ਮੁੱਖ ਆਕਰਸ਼ਣ ਸਕੂਲ ਬੈਂਡ ਅਤੇ ਪਰੇਡ ਅਤੇ ਓਐਸ ਦੀਆਂ ਮਸ਼ਹੂਰ ਹਸਤੀਆਂ ਦਾ ਮਾਰਚ ਪਾਸਟ ਸੀ। ਪ੍ਰੋਗਰਾਮ ਦੀ ਪ੍ਰਧਾਨਗੀ ਕਿਰਨ ਟੰਡਨ ਨਾਦਰ, ਓ.ਐਸ. 1966 ਬੈਚ ਅਤੇ ਕਿਰਨ ਨਾਦਰ ਮਿਊਜ਼ੀਅਮ ਆਫ਼ ਆਰਟਸ ਦੀ ਚੇਅਰਪਰਸਨ ਅਤੇ ਸ਼ਿਵ ਨਾਦਰ ਫਾਊਂਡੇਸ਼ਨ ਦੇ ਟਰੱਸਟੀ ਸਕੂਲ ਹੈੱਡਮਾਸਟਰ ਹਿੰਮਤ ਸਿੰਘ ਢਿੱਲੋਂ ਦੀ ਮੌਜੂਦਗੀ ਵਿੱਚ ਹੋਈ। ਮਾਰਚ ਪਾਸਟ ਵਿੱਚ ਉਮਰ ਅਬਦੁੱਲਾ ਤੋਂ ਇਲਾਵਾ ਓਲੰਪੀਅਨ ਸ਼ਿਵ ਕੇਸ਼ਵਨ, ਬਾਲੀਵੁੱਡ ਨਿਰਦੇਸ਼ਕ ਅਪੂਰਵਾ ਲਖੀਆ, ਅਦਾਕਾਰ ਇਕਬਾਲ ਖਾਨ, ਨਿਰਦੇਸ਼ਕ ਇਕਬਾਲ ਰਿਜ਼ਵੀ, ਕਾਰਪੋਰੇਟ ਉਦਯੋਗਪਤੀ ਵਿਵੇਕ ਮਹਿਰਾ, ਸਥਾਨਕ ਮੌਜੂਦਾ ਵਿਧਾਇਕ ਵਿਨੋਦ ਸੁਲਤਾਨਪੁਰੀ ਅਤੇ ਹੋਰ ਸ਼ਾਮਲ ਸਨ। ਪ੍ਰੋਗਰਾਮ ਦੌਰਾਨ ਕਿਰਨ ਟੰਡਨ ਨਾਦਰ ਨੇ 15 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਗਰਲਜ਼ ਡਾਰਮੇਟਰੀ ਦਾ ਉਦਘਾਟਨ ਵੀ ਕੀਤਾ।

ਓ.ਐਸ ਲਾਈਫਟਾਈਮ ਅਚੀਵਰਜ਼ ਅਵਾਰਡ ਡੀਡੀ ਤੇ ਪ੍ਰਸਾਰਿਤ ਸੁਰਭੀ ਸ਼ੋਅ ਦੇ ਪੇਸ਼ਕਾਰ ਸਿਧਾਰਥ ਕਾਕ, ਗੋਲਫ ਕੋਚ ਜਸਕੀਰਤ ਗਰੇਵਾਲ ਅਤੇ ਫਿਲਮ ਆਲੋਚਕ ਅਰੁਣਾ ਵਾਸੂਦੇਵ (ਮਰਨ ਉਪਰੰਤ) ਨੂੰ ਦਿੱਤਾ ਗਿਆ। ਇਨਾਮ ਵੰਡ ਸਮਾਰੋਹ ਦੌਰਾਨ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਕਾਂਗਰਸ ਭਾਰਤ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਹਨੇਰੀ ਵਿੱਚ ਧੱਕਣਾ ਚਾਹੁੰਦੀ ਹੈ: ਅਮਿਤ ਸ਼ਾਹ

ਚੰਡੀਗੜ੍ਹ, ( ਲੋਕ ਬਾਣੀ) ਹਾਲ ਹੀ ਵਿੱਚ ਦਿੱਲੀ ਵਿੱਚ 5,600 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦੀ 500 ਕਿਲੋ ਤੋਂ ਵੱਧ ਕੋਕੀਨ ਬਰਾਮਦ ਕੀਤੀ ਗਈ ਹੈ, ਜੋ ਕਿ ਦਿੱਲੀ ਵਿੱਚ ਨਸ਼ਿਆਂ ਦੇ ਕਾਰੋਬਾਰ ਦਾ ਸਭ ਤੋਂ ਵੱਡਾ ਪਰਦਾਫਾਸ਼ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਕੋਕੀਨ ਦੇ ਵਪਾਰ ਨਾਲ ਸਬੰਧਤ 5600 ਕਰੋੜ ਰੁਪਏ ਜ਼ਬਤ ਕਰਨ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਮੁੱਖ ਮੁਲਜ਼ਮ ਭਾਰਤੀ ਯੂਥ ਕਾਂਗਰਸ ਦੀ ਦਿੱਲੀ ਇਕਾਈ ਦੇ ਆਰਟੀਆਈ ਸੈੱਲ ਦਾ ਪ੍ਰਧਾਨ ਹੈ। ਦਿੱਲੀ ਪ੍ਰਦੇਸ਼ ਕਾਂਗਰਸ ਦੇ ਆਰਟੀਆਈ ਸੈੱਲ ਦੇ ਚੇਅਰਮੈਨ ਰਹਿ ਚੁੱਕੇ 5600 ਕਰੋੜ ਰੁਪਏ ਦੇ ਡਰੱਗ ਸਿੰਡੀਕੇਟ ਦੇ ਮਾਸਟਰਮਾਈਂਡ ਤੁਸ਼ਾਰ ਗੋਇਲ ਦਾ ਕਾਂਗਰਸ ਕਨੈਕਸ਼ਨ ਮਸ਼ਹੂਰ ਹੈ। ਅੱਜ ਵੀ ਤੁਸ਼ਾਰ ਗੋਇਲ ਨੇ ਆਪਣੇ ਸੋਸ਼ਲ ਮੀਡੀਆ ਪ੍ਰੋਫਾਈਲ ਤੇ ਆਰਟੀਆਈ ਸੈੱਲ ਦੇ ਚੇਅਰਮੈਨ, ਕਾਂਗਰਸ ਨੂੰ ਲਿਖਿਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ 5600 ਕਰੋੜ ਰੁਪਏ ਤੋਂ ਵੱਧ ਦੀ 500 ਕਿਲੋਗ੍ਰਾਮ ਕੋਕੀਨ ਦੀ ਬਰਾਮਦਗੀ ਦਾ ਮਾਮਲਾ ਵੀ ਦੁਬਈ ਨਾਲ ਜੁੜਿਆ ਹੋਇਆ ਹੈ। ਇਸ ਦੇ ਨਾਲ ਹੀ 40 ਕਿਲੋ ਭੰਗ ਵੀ ਜ਼ਬਤ ਕੀਤੀ ਗਈ ਹੈ, ਜਿਸ ਦੀ ਕੀਮਤ ਲਗਭਗ 20 ਕਰੋੜ ਰੁਪਏ ਹੈ।

ਵਰਨਣਯੋਗ ਹੈ ਕਿ ਇੱਕ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਅਤੇ ਕੇਂਦਰੀ ਗ੍ਰਹਿ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੀ ਯੋਗ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੀ ਸਰਕਾਰ 'ਨਸ਼ਾ ਮੁਕਤ ਭਾਰਤ' ਲਈ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾ ਰਹੀ ਹੈ,' ਬਾਟਮ ਟੂ ਟਾਪ ਅਤੇ ਟੌਪ ਤੋਂ ਹੇਠਾਂ ਪਹੁੰਚ ਨਾਲ ਬਿਹਤਰ ਤਾਲਮੇਲ ਅਪਣਾਉਂਦੇ ਹੋਏ ਦਿੱਲੀ ਚ ਫੜੀ ਗਈ 5600 ਕਰੋੜ ਰੁਪਏ ਦੀ ਕੋਕੀਨ ਦੀ ਖੇਪ ਚ ਕਾਂਗਰਸ ਦੀ ਇਕ ਪ੍ਰਮੁੱਖ ਸ਼ਖਸੀਅਤ ਦੀ ਸ਼ਮੂਲੀਅਤ ਬੇਹੱਦ ਖਤਰਨਾਕ, ਨਿੰਦਣਯੋਗ ਅਤੇ ਸ਼ਰਮਨਾਕ ਹੈ। ਇਹ ਘਟਨਾ ਸਾਬਿਤ ਕਰ ਰਹੀ ਹੈ ਕਿ ਰਾਹੁਲ ਗਾਂਧੀ ਦੇ ਪਿਆਰ ਦੀ ਦੁਕਾਨ ਤੇ ਨਸ਼ਾ ਵਿਕ ਰਿਹਾ ਹੈ ਅਤੇ ਨਸ਼ੇ ਦਾ ਕਾਰੋਬਾਰ ਚੱਲ ਰਿਹਾ ਹੈ।

ਇੱਕ ਪਾਸੇ ਕਾਂਗਰਸ ਸਰਕਾਰ ਪੈਸੇ ਲੈ ਕੇ ਨੌਜਵਾਨਾਂ ਨੂੰ ਨੌਕਰੀਆਂ ਵੇਚ ਰਹੀ ਹੈ ਅਤੇ ਦੂਜੇ ਪਾਸੇ ਨੌਜਵਾਨਾਂ ਨੂੰ ਨਸ਼ੇ ਵੇਚ ਕੇ ਨਸ਼ਿਆਂ ਦੀ ਹਨੇਰੀ ਵਿੱਚ ਧੱਕ ਰਹੀ ਹੈ।ਕਾਂਗਰਸ ਦੇ ਰਾਜ ਦੌਰਾਨ ਨਸ਼ਿਆਂ ਦੇ ਕਾਰੋਬਾਰ ਕਾਰਨ ਪੰਜਾਬ, ਹਰਿਆਣਾ ਅਤੇ ਪੂਰੇ ਉੱਤਰ ਭਾਰਤ ਵਿੱਚ ਨੌਜਵਾਨਾਂ ਦਾ ਕੀ ਹਾਲ ਹੋਇਆ ਹੈ, ਇਹ ਦੇਸ਼ ਦੇ ਲੋਕਾਂ ਨੇ ਦੇਖ ਲਿਆ ਹੈ। ਮੋਦੀ ਜੀ ਦੀ ਅਗਵਾਈ ਵਿੱਚ ਭਾਰਤੀ ਨੌਜਵਾਨਾਂ ਲਈ ਖੇਡਾਂ, ਸਿੱਖਿਆ ਅਤੇ ਨਵੀਨਤਾ ਦੇ ਨਵੇਂ ਦਰਵਾਜ਼ੇ ਖੁੱਲ੍ਹ ਰਹੇ ਹਨ, ਪਰ ਕਾਂਗਰਸ ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਹਨੇਰੀ ਵਿੱਚ ਲਿਜਾਣਾ ਚਾਹੁੰਦੀ ਹੈ। ਕਾਂਗਰਸ ਆਪਣੇ ਸਿਆਸੀ ਪ੍ਰਭਾਵ ਨਾਲ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸਾਉਣ ਦਾ ਪਾਪ ਕਰ ਰਹੀ ਹੈ।



ਦੇਸ਼ ਦੇ ਵਿਕਾਸ ਲਈ ਨਸ਼ਿਆਂ ਦੇ ਕਾਰੋਬਾਰ ਨੂੰ ਸਭ ਤੋਂ ਵੱਡਾ ਸਰਾਪ ਮੰਨਣ ਵਾਲੇ ਅਮਿਤ ਸ਼ਾਹ ਦੀਆਂ ਰਣਨੀਤੀਆਂ ਨੂੰ ਦੇਖਦਿਆਂ ਕਿਹਾ ਜਾ ਸਕਦਾ ਹੈ ਕਿ ਮੋਦੀ ਸਰਕਾਰ ਕਾਂਗਰਸ ਦੇ ਮਨਸੂਬਿਆਂ ਨੂੰ ਕਦੇ ਵੀ ਪੂਰਾ ਨਹੀਂ ਹੋਣ ਦੇਵੇਗੀ। ਨਸ਼ੀਲੇ ਪਦਾਰਥਾਂ ਦੇ ਨਾਜਾਇਜ਼ ਕਾਰੋਬਾਰ ਨੂੰ ਰੋਕਣ ਲਈ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਗ੍ਰਹਿ ਮੰਤਰਾਲੇ ਵੱਲੋਂ ਕੀਤੇ ਗਏ ਯਤਨਾਂ ਕਾਰਨ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਦੀ ਮਾਤਰਾ ਲਗਭਗ 100% ਵੱਧ ਗਈ ਹੈ ਅਤੇ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਕੇਸ ਦਰਜ ਕੀਤੇ ਗਏ ਹਨ 152% ਦਾ ਵਾਧਾ ਹੋਇਆ ਹੈ। ਹਾਲ ਹੀ ਦੇ ਸਾਲਾਂ ਵਿੱਚ, ਇਹ ਸਪੱਸ਼ਟ ਹੋ ਗਿਆ ਹੈ ਕਿ ਭਾਰਤੀ ਰਾਜਨੀਤੀ ਦਾ ਚਾਣਕਿਆ ਨਸ਼ੇ ਦੇ ਵਪਾਰੀਆਂ ਦੀ ਸਿਆਸੀ ਸਥਿਤੀ ਜਾਂ ਕੱਦ ਦੀ ਪਰਵਾਹ ਕੀਤੇ ਬਿਨਾਂ, ਸਮੁੱਚੇ ਨਸ਼ਾ ਪ੍ਰਣਾਲੀ ਨੂੰ ਤਬਾਹ ਕਰਕੇ ਨਸ਼ਾ ਮੁਕਤ ਭਾਰਤ ਬਣਾਉਣ ਲਈ ਦ੍ਰਿੜ ਹੈ।

# ਰਾਜਵਿੰਦਰ ਸਿੰਘ ਰਾਜ ਵੀ ਸ਼ੇਰਪੁਰ ਤੋਂ ਸਰਪੰਚੀ ਲਈ ਕੁੱਦੇ ਚੋਣ ਮੈਦਾਨ ਚ

## ਕਸਬਾ ਸੇਰਪੁਰ ਦੇ ਸੂਝਵਾਨ ਵੋਟਰਾਂ ਵੱਲੋਂ ਮਿਲ ਰਿਹਾ ਹੈ ਭਰਮਾ ਹੁੰਗਾਰਾ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਸ਼ੇਰਪੁਰ ਤੋਂ ਜਰਨਲ ਸੀਟ ਲਈ ਪੜੇ ਲਿਖੇ ਨੌਜਵਾਨ ਆਗੂ ਰਾਜਵਿੰਦਰ ਸਿੰਘ ਨੇ ਵੀ ਚੋਣ ਲੜਨ ਦਾ ਬਿਗਲ ਵਜਾ ਦਿੱਤਾ ਹੈ। ਕਾਸ਼ਬੇ ਅੰਦਰ ਵੱਖ ਵੱਖ ਵਾਰਡਾਂ ਅਤੇ ਦੁਕਾਨਦਾਰਾਂ ਪਾਸੋਂ ਡੋਰ ਟੂ ਡੋਰ ਵੋਟਾਂ ਮੰਗਣ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਵਿੰਦਰ ਸਿੰਘ ਰਾਜ ਬਸ ਵਾਲਿਆ ਨੇ ਕਿਹਾ ਕਿ ਸ਼ੇਰਪੁਰ ਦੇ ਸੂਝਵਾਨ ਵੋਟਰਾਂ ਦੇ ਆਸ਼ੀਰਵਾਦ ਸਦਕਾ ਉਹ ਚੋਣ ਮੈਦਾਨ ਵਿੱਚ ਨਿਤਰੇ ਹਨ। ਕਿਉਂਕਿ ਅਜੇ ਵੀ ਕਾਸਬਾ ਸ਼ੇਰਪੁਰ ਅੰਦਰ ਰਹਿੰਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਦੀ ਲੋੜ ਹੈ। ਜੇਕਰ ਪਰਮਾਤਮਾਂ ਨੇ ਉਹਨਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਤਾਂ ਉਹ ਸ਼ੇਰਪੁਰ ਦੀ ਸਾਫ ਸਫਾਈ, ਕੂੜੇ ਡੰਪ ਦਾ ਪ੍ਰਬੰਧ, ਅਧੂਰੀਆਂ ਗਲੀਆਂ ਨਾਲੀਆਂ ਨੂੰ ਮੁਕੰਮਲ ਕਰਨਾ ਅਤੇ ਖਾਸ ਕਰਕੇ ਸੀਵਰੇਜ ਦੇ ਢੁਕਮੇ ਪ੍ਰਬੰਧ ਕਰਕੇ ਪਾਣੀ ਦੀ ਨਿਕਾਸੀ ਦਾ ਹੱਲ ਅਤੇ ਸਮੇਂ ਸਮੇਂ ਅਨੁਸਾਰ ਲੋਕਾਂ ਦੀਆਂ ਹੋਰਨਾਂ ਮੁਸ਼ਕਲਾਂ ਨੂੰ ਵੀ ਸਿਰੇ ਚਾੜਨਾ ਉਹਨਾਂ ਦਾ ਮਕਸਦ ਹੋਵੇਗਾ। ਉਹਨਾਂ ਕਿਹਾ ਹੈ ਕਿ ਉਹ ਸਭਨਾਂ ਦੇ ਸਾਂਝੇ ਉਮੀਦਵਾਰ ਹਨ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਅੱਗੇ ਦੱਸਿਆ ਕਿ ਉਹ ਸ਼ੁਰੂ ਤੋਂ ਹੀ ਸੇਰਪਰ ਨੂੰ ਸਾਫ ਅਤੇ ਸੁੰਦਰ ਬਣਾਉਣ ਲਈ ਲਗਾਤਾਰ ਯਤਨਾਂ ਵਿੱਚ ਹਨ ਅਤੇ ਆਉਣ ਵਾਲੇ ਸਮੇਂ ਅੰਦਰ ਸੇਰਪਰ ਵਿੱਚ ਵੱਡੇ ਬਦਲਾਅ ਨਜ਼ਰ ਆਉਣਗੇ। ਉਹਨਾਂ ਕਿਹਾ ਕਿ ਕਸਬੇ ਦੇ ਸੂਝਵਾਨ ਵੋਟਰ ਅਤੇ ਸਪੋਰਟਰ ਉਹਨਾਂ ਦਾ ਪੂਰਨ ਸਾਥ ਦੇ ਰਹੇ ਹਨ ਅਤੇ ਗੁਰੂ ਮਹਾਰਾਜ ਦੀ ਅਸ਼ੀਰਵਾਦ ਸਦਕਾ ਜੇਕਰ ਉਨਾਂ ਨੂੰ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਕਸਬੇ ਸੇਰਪੁਰ ਦੀ ਨੁਹਾਰ ਬਦਲ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਇਸ ਮੌਕੇ ਉਹਨਾਂ ਨਾਲ ਉਹਨਾਂ ਦੇ ਸਮਰੱਥਕ ਵੀ ਹਾਜ਼ਰ ਸਨ।



ਰੋਜ਼ਾਨਾ ਲੋਕ ਬਾਣੀ www.lokbani

# ਈ-ਸਿਗਰਟ ਜਾਨਲੇਵਾ ਹੋ ਸਕਦੀ ਹੈ: ਸਿਵਲ ਸਰਜਨ-ਡਾ.ਕਿਰਨਦੀਪ ਕੌਰ



ਅੰਮ੍ਰਿਤਸਰ, ( ਲੋਕ ਬਾਣੀ)- ਈ-ਸਿਗਰਟ ਜਾਨਲੇਵਾ ਹੋ ਸਕਦੀ ਹੈ,ਇਸ ਲਈ ਇਸਨੂੰ ਵੀ ਸਰਕਾਰ ਵਲੋਂ ਬੈਨ ਕੀਤਾ ਗਿਆ ਹੈ। ਇਹ ਜਾਣਕਾਰੀ ਸਿਵਲ ਸਰਜਨ ਡਾ.ਕਿਰਨਦੀਪ ਕੋਰ ਵਲੋਂ ਜ਼ਿਲੇ ਨੂੰ ਤੰਬਾਕੂ ਮੁਕਤ ਕਰਨ ਅਤੇ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਲਈ ਚਲਾਈ ਜਾ ਰਹੀ ਵਿਸੇਸ਼ ਮੁਹਿੰਮ ਦੌਰਾਨ ਕਹੇ। ਇਸ ਤੋਂ ਪਹਿਲਾਂ ਡਾ.ਕਿਰਨਦੀਪ ਕੌਰ ਵਲੋਂ ਜ਼ਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ.ਜਗਨਜੋਤ ਕੌਰ ਦੀ ਅਗਵਾਹੀ ਹੇਠਾਂ ਇਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ। ਜਿਸ ਵਿਚ ਜ਼ਿਲ੍ਹਾ ਐਮ.ਈ.ਆਈ.ਓ.ਅਮਰਦੀਪ ਸਿੰਘ,ਡਾ. ਸ਼ਬਨਮਦੀਪ ਕੌਰ,ਐਸ.ਆਈ.ਪਰਮਜੀਤ ਸਿੰਘ,ਰਜਿੰਦਰ ਸਿੰਘ,ਮੰਗਲ ਸਿੰਘ,ਰਜੇਸ਼ ਕੁਮਾਰ,ਸੁਰਜੀਤ ਸਿੰਘ,ਰਸ਼ਪਾਲ ਸਿੰਘ, ਬਲਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਸਰਕੂਲਰ ਰੋਡ, ਮਾਲ ਰੋਡ, ਲਾਰੇਂਸ ਰੋਡ ਅਤੇ ਰਣਜੀਤ ਐਵੀਨਿਓ ਦੇ ਨੇੜੇ ਦੇ ਇਲਾਕਿਆਂ ਵਿਚ 17 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 8 ਲੋਕਾਂ ਦੇ ਮੌਕੇ ਤੇ ਚਲਾਣ ਕੱਟੇ ਗਏ।

ਇਸ ਅਵਸਰ ਤੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਡਾ ਜਗਨਜੋਤ ਕੌਰ ਨੇ ਕਿਹਾ ਕਿ ਜਿਲੇ਼ ਵਿਚ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ ਭਾਰਤ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੁਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਅਤੇ ਕੈਂਸਰ ਦਾ ਕਾਰਣ ਬਣਦਾ ਹੈ ਲਿਖਿਆ ਜਾਣਾਂ ਲਾਜਮੀਂ ਹੈ। ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਅਪਰਾਧ ਹੈ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਜੰਗਲੀ ਜੀਵ ਹ.ਫਤਾ-2024 ਦੀ ਸ਼ੁਰੂਆਤ ਲੇਖ ਮੁਕਾਬਲੇ ਨਾਲ ਹੋਈ




ਚੰਡੀਗੜ੍ਹ। ( ਲੋਕ ਬਾਣੀ) ਵਾਤਾਵਰਣ ਵਿਭਾਗ ਚੰਡੀਗੜ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਦਰਿਆ ਵਿੱਚ ਜੰਗਲੀ ਜੀਵ ਬਾਰੇ ਲੇਖ ਮੁਕਾਬਲਾ ਕਰਵਾਇਆ ਗਿਆ। ਇਸ ਦਾ ਉਦਘਾਟਨ ਸਕੂਲ ਦੇ ਵਿਹੜੇ ਵਿੱਚ ਪ੍ਰਿੰਸੀਪਲ ਡਾ.ਵਿਨੋਦ ਕੁਮਾਰ ਸ਼ਰਮਾ ਨੇ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਰੁੱਖਾਂ ਅਤੇ ਪੌਦਿਆਂ ਦੀ ਮਦਦ ਨਾਲ ਹੀ ਪਸ਼ੂ-ਪੰਛੀਆਂ ਦਾ ਜੀਵਨ ਸੁਰੱਖਿਅਤ ਅਤੇ ਖੁਸ਼ਹਾਲ ਰਹਿ ਸਕਦਾ ਹੈ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਦੱਸਿਆ ਕਿ ਵੱਧ ਤੋਂ ਵੱਧ ਰੁੱਖ ਅਤੇ ਪੌਦੇ ਲਗਾ ਕੇ ਜੰਗਲੀ ਜਾਨਵਰਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਜੇਕਰ ਅਸੀਂ ਸਾਰੇ ਆਪਣੇ ਜੀਵਨ ਵਿੱਚ ਖੁਸ਼ਹਾਲੀ ਅਤੇ ਖੁਸ਼ਹਾਲੀ ਚਾਹੁੰਦੇ ਹਾਂ ਤਾਂ ਸਾਨੂੰ ਵਾਤਾਵਰਨ ਨੂੰ ਸਾਫ਼ ਰੱਖਣਾ ਹੋਵੇਗਾ। ਸ਼ੁੱਧ ਵਾਤਾਵਰਨ ਨਾਲ ਹੀ ਸਿਹਤਮੰਦ ਜੀਵਨ ਬਤੀਤ ਕੀਤਾ ਜਾ ਸਕਦਾ ਹੈ। ਰੁੱਖ ਅਤੇ ਪੌਦੇ ਅਨਮੋਲ ਖਜ਼ਾਨਾ ਹਨ। ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਸ਼ੁੱਧ ਵਾਤਾਵਰਨ ਸਿਰਜਣ ਵਿੱਚ ਸਹਿਯੋਗ ਕਰਨਾ ਹੋਵੇਗਾ। ਫੈਕਟਰੀਆਂ ਦਾ ਕੂੜਾ ਦਰਿਆਵਾਂ ਅਤੇ ਨਾਲਿਆਂ ਵਿੱਚ ਨਾ ਸੁੱਟਿਆ ਜਾਵੇ ਕਿਉਂਕਿ ਇਹ ਜੰਗਲੀ ਜਾਨਵਰਾਂ ਲਈ ਘਾਤਕ ਸਿੱਧ ਹੁੰਦਾ ਹੈ। ਵਿਦਿਆਰਥੀਆਂ ਨੇ ਕਿਹਾ ਕਿ ਸਾਡੇ ਪੂਰਵਜ ਰੁੱਖਾਂ, ਪੌਦਿਆਂ, ਜਾਨਵਰਾਂ, ਪੰਛੀਆਂ ਅਤੇ ਹੋਰ ਜੀਵਾਂ ਨੂੰ ਪਿਆਰ ਕਰਦੇ ਸਨ। ਸਾਨੂੰ ਉਨ੍ਹਾਂ ਦਾ ਵੀ ਸ਼ੌਕੀਨ ਹੋਣਾ ਚਾਹੀਦਾ ਹੈ। ਸਾਨੂੰ ਜੰਗਲੀ ਜਾਨਵਰਾਂ ਦੇ ਜੀਵਨ ਨੂੰ ਪ੍ਰਭਾਵਿਤ ਨਹੀਂ ਕਰਨਾ ਚਾਹੀਦਾ। ਅਸੀਂ ਜੰਗਲੀ ਵਸੀਲਿਆਂ ਦਾ ਵਿਕਾਸ ਕਰਨਾ ਹੈ ਤਾਂ ਹੀ ਜੰਗਲੀ ਜਾਨਵਰਾਂ ਦਾ ਜੀਵਨ ਸੁਰੱਖਿਅਤ ਹੋਵੇਗਾ। ਇਸ ਵਿੱਚ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ। ਮੁਕਾਬਲੇ ਵਿੱਚ ਅੰਜਲੀ, ਸ੍ਰਿਸ਼ਟੀ ਮਿਸ਼ਰਾ, ਸੰਧਿਆ ਅਤੇ ਰਾਗਿਨੀ ਨੂੰ ਪਹਿਲਾ, ਦੂਜਾ, ਤੀਜਾ ਅਤੇ ਕੌਂਸੋਲੇਸ਼ਮਨ ਇਨਾਮ ਦਿੱਤਾ ਗਿਆ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਦੱਸਿਆ ਕਿ ਇਸ ਮੁਕਾਬਲੇ ਦਾ ਮੁੱਖ ਮੰਤਵ ਜੰਗਲੀ ਜੀਵਾਂ ਦੀ ਸੰਭਾਲ ਨੂੰ ਉਤਸ਼ਾਹਿਤ ਕਰਨਾ ਅਤੇ ਲੋਕਾਂ ਨੂੰ ਜੰਗਲੀ ਜੀਵਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਸੀ।

ਰੋਜ਼ਾਨਾ ਲੋਕ ਬਾਣੀ
www.lokbani

# ਰੋਜ਼ਾਨਾ ਸਵੇਰ ਫੁੱਟਬਾਲ ਕਲੱਬ ਦੇ ਆਲ ਰਾਉਂਡਰ ਸਟਾਰ ਖਿਡਾਰੀ ਅਨੰਦ ਉਬਰਾਏ ਨੇ ਆਪਣੇ ਜਨਮ ਦਿਨ ਤੇ ਫੁੱਟਬਾਲ ਮੈਚ ਕਰਵਾਇਆ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਰੋਜ਼ਾਨਾ ਸਵੇਰੇ ਫੁੱਟਬਾਲ ਕਲੱਬ ਨਵਾਂਸ਼ਹਿਰ ਦੇ ਆਲ ਰਾਉਂਡਰ ਸਟਾਰ ਖਿਡਾਰੀ ਅਨੰਦ ਉਬਰਾਏ ਨੇ ਆਪਣੇ ਜਨਮ ਦਿਨ ਤੇ ਕਲੱਬ ਦੇ ਪ੍ਰਧਾਨ ਅਜੇ ਮਹਿਰਾ ਜੀ ਦੀ ਅਗਵਾਹੀ ਵਿੱਚ ਫੁੱਟਬਾਲ ਮੈਚ ਆਰ ਕੇ ਆਰੀਆਂ ਕਾਲਜ ਦੀ ਦੀ ਗਰਾਊਂਡ ਵਿੱਚ ਕਰਵਾਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਚੇਅਰਮੈਨ ਤਰਸੇਮ ਲਾਲ ਡਿਪਟੀ ਸਮੂਹ ਸਿੱਖਿਆ ਅਤੇ ਸੂਚਨਾ ਅਫ਼ਸਰ ਨੇ ਦੱਸਿਆ ਕਿ ਅਨੰਦ ਉਬਰਾਏ ਸਾਡੀ ਡੇਲੀ ਮੋਰਨਿੰਗ ਫੁੱਟਬਾਲ ਕਲੱਬ ਦੇ ਸਟਾਰ ਖਿਡਾਰੀ ਹਨ ਉਨ੍ਹਾਂ ਨੇ ਜੋ ਮੈਚ ਅੱਜ ਕਰਵਾਇਆ ਇਹ ਮੈਚ ਪ੍ਰਵੀਨ ਇਲੈਵਨ ਅਤੇ ਅਵਤਾਰ ਸਿੰਘ ਇਲੈਵਨ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ। ਜਿਸ ਦੇ ਪਹਿਲੇ ਹਾਫ਼ ਵਿੱਚ ਪ੍ਰਵੀਨ ਇਲੈਵਨ ਦੀ ਟੀਮ ਦੇ ਖਿਡਾਰੀਆਂ ਸਰਬਜੀਤ ਸਿੰਘ, ਹਰਸ਼ ,ਵਰਿੰਦਰ ਸਿੰਘ, ਗੋਰੇ,ਰੋਵਿਨ ਵਾਈਸ ਪ੍ਰਧਾਨ,ਭਵਨੀਸ ਜਾਗੜਾ ਅਜੇ ਮਹਿਰਾਂ, ਲਵਦੀਪ ਸਿੰਘ, ਜਸਕਰਨ ਸਿੰਘ, ਅਜੇ ਮਹਿਰਾਂ, ਛਿੰਦਾ ਮੋਰਾਂਵਲੀ, ਕਰਨਜੀਤ ਸਿੰਘ, ਮੋਹਿਤ ਕਟਾਰੀਆ,ਨਾਲ ਪਾਸਿੰਗ ਬਣਾਉਂਦੇ ਹੋਏ ਬਾਲ ਸੁੱਖਮਨ ਬਾਜਵਾ ਨੂੰ ਪਾਏ ਤੇ ਉਸ ਨੇ ਸੂਟਿੰਗ ਤੇ ਸ਼ੂਟਿੰਗ ਕੀਤੀ। ਜਿਸ ਦੀ ਬਦੌਲਤ 3 ਗੋਲ ਸੁਖਮਨ ਬਾਜਵਾ ਵਲੋਂ ਹੀ ਕੀਤੇ ਗਏ। ਇਸ ਤੋਂ ਬਾਅਦ ਦੂਸਰੇ ਹਾਫ ਵਿੱਚ ਅਵਤਾਰ ਸਿੰਘ ਦੀ ਟੀਮ ਦੇ ਖਿਡਾਰੀਆਂ ਅਨੰਦ ਉਬਰਾਏ, ਧੀਰਜ ਕੁਮਾਰ, ਤਰਸੇਮ ਲਾਲ, ਕਮਲਜੀਤ,ਹੈਰੀ, ਐਸ ਪੀ ਮੁਖਤਿਆਰ ਰਾਏ, ਅਜੇ ਸਰੀਨ, ਮਿੰਟਾਂ ਗੁਜ਼ਰ ਪੂਰੀਆਂ, ਮੰਜੂ ਬਾਲੀ,ਮੰਨਾਂ, ਪੁਨੀਤ ਜੈਨ ਵਲੋ ਵਧੀਆ ਖੇਡ ਦਾ ਪ੍ਰਦਰਸ਼ਨ ਕਰਦਿਆਂ ਸ਼ੂਟਿੰਗ ਤੇ ਸ਼ੂਟਿੰਗ ਕੀਤੀ ਗਈ ਤੇ ਗੋਲ ਕਰਨ ਦੀ ਕੋਸ਼ਿਸ਼ ਕੀਤੀ ਪਰ ਉਹ ਵਰਿੰਦਰ ਸਿੰਘ ਤੇ ਸਰਬਜੀਤ ਸਿੰਘ, ਛਿੰਦਾ ਮੋਰਾਂਵਲੀ ਦੀ ਵਧੀਆਂ ਡਿਫੈਂਸ ਤੇ ਮੋਹਿਤ ਕਟਾਰੀਆ ਦੀ ਵਧੀਆਂ ਗੋਲਕੀਪਿੰਗ ਕਰਕੇ ਕੋਈ ਵੀ ਗੋਲ ਨਹੀਂ ਕਰ ਸਕੇ । ਇਸ ਦੇ ਨਾਲ ਹੀ ਮੈਚ ਦਾ ਸਮਾ ਸਮਾਪਤ ਹੋ ਗਿਆ ਹੋ ਗਿਆ ।ਇਸ ਤਰਾਂ ਅੱਜ਼ ਦਾ ਮੈਚ ਪ੍ਰਵੀਨ ਕੁਮਾਰ ਦੀ ਟੀਮ ਵੱਲੋਂ 3-0 ਤੇ ਜਿੱਤ ਲਿਆ ਗਿਆ । ਸਮੂਹ ਕਲੱਬ ਦੇ ਖਿਡਾਰੀਆਂ ਵਲੋਂ ਤਾੜੀਆਂ ਵੱਜਾ ਕੇ ਅਨੰਦ ਉਬਰਾਏ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਉਸ ਨੇ ਨੇ ਦੋਵਾਂ ਟੀਮਾਂ ਦੇ ਖਿਡਾਰੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਇਸ ਮੌਕੇ ਅਜੇ ਮਹਿਰਾ ਤੇ ਤਰਸੇਮ ਲਾਲ ਨੇ ਆਰ ਕੇ ਆਰੀਆਂ ਕਾਲਜ ਦੇ ਪ੍ਰਿੰਸੀਪਲ ਸੰਜੀਵ ਡਾਵਰ ਜੀ ਦਾ ਆਪਣੀ ਕਲੱਬ ਵੱਲੋ ਉਨ੍ਹਾਂ ਦੇ ਭਰਪੂਰ ਸਹਿਜੋਗ ਲਈ ਧੰਨਵਾਦ ਕੀਤਾ। ਤਰਸੇਮ ਲਾਲ ਨੇ ਦੱਸਿਆ ਕਿ ਸਾਡੀ ਕਲੱਬ ਦੀ ਕੋਸ਼ਿਸ ਹੈ ਕਿ ਸਾਡੀ ਨੌਜਵਾਨ ਪੀੜ੍ਹੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਖੇਡਾਂ ਵਾਲੇ ਪਾਸੇ ਲੱਗ ਕੇ ਨਸ਼ਿਆਂ ਤੋਂ ਦੂਰ ਰਹਿ ਸਕਦੀ ਅਤੇ ਆਪਣੇ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾ ਸਕਦੀ ਹੈ। ਇਸ ਦੇ ਨਾਲ ਹੀ ਉਹਨਾ ਨੇ ਕਿਹਾ ਕਿ ਆਪਾਂ ਆਉਣ ਵਾਲੇ ਦਿਨਾਂ ਵਿੱਚ ਸਿਹਤ ਵਿਭਾਗ ਦੀਆਂ ਦੱਸੀਆਂ ਗਈਆਂ ਹਿਦਾਇਤਾਂ ਦਾ ਪਾਲਣ ਕਰਕੇ ਬਹੁਤ ਸਾਰੀਆਂ ਬਿਮਾਰੀਆਂ ਜਿਵੇਂ ਡੈਗ ਤੋਂ ਬੱਚ ਸਕਦੇ ਹਾਂ। ਇਸ ਮੌਕੇ ਸੈਰ ਕਮੇਟੀ ਨਵਾਂਸ਼ਹਿਰ ਤੇ ਕਲੱਬ ਦੇ ਨਵੇਂ ਤੇ ਪੁਰਾਣੇ ਸਮੂਹ ਖਿਡਾਰੀਆਂ ਵਲੋ ਸੰਪੂਰਨ ਸਹਿਜੋਗ ਦਿੱਤਾ ਗਿਆ ,

ਰੋਜ਼ਾਨਾ ਲੋਕ ਬਾਣੀ
www.lokbani

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਪਿੰਡ ਕੁੱਕੜ ਮਜਾਰਾ ਵਿਖੇ ਕਰਵਾਇਆ ਗਿਆ 17ਵਾਂ ਵਿਸ਼ੇਸ਼ ਗੁਰਮਤਿ ਸਮਾਗਮ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਧੰਨ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਖਾਲਸਾ ਸੀ: ਸੈ: ਸਕੂਲ ਨਵਾਂਸ਼ਹਿਰ ਦੀ ਗਰਾਊਂਡ ਵਿਖੇ ਚਾਰ ਪੰਜ ਛੇ ਨਵੰਬਰ ਹੋਣ ਨੂੰ ਹੋਣ ਵਾਲੇ ਸਲਾਨਾ ਮਹਾਨ ਕੀਰਤਨ ਦਰਬਾਰ ਜੋ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ ਨੂੰ ਸਮਰਪਿਤ ਪਿਛਲੇ ਕਾਫੀ ਦਿਨਾਂ ਤੋਂ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਵਿੱਚ ਗੁਰਮਤਿ ਸਮਾਗਮਾਂ ਦੀ ਲੜੀ ਦਾ ਆਯੋਜਨ ਜਾ ਰਿਹਾ ਹੈ। ਇਸ ਲੜੀ ਤਹਿਤ 17ਵਾਂ ਗੁਰਮਤਿ ਸਮਾਗਮ ਗੁਰਦੁਆਰਾ ਸਿੰਘ ਸਭਾ ਪਿੰਡ ਕੁੱਕੜ ਮਜਾਰਾ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵੀ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਹੋਈਆਂ। ਨਿੱਜੀ ਸਾਧਨਾਂ ਤੋ ਇਲਾਵਾ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਅਤੇ ਗੁ: ਕਮੇਟੀ ਵੱਲੋਂ ਵੱਖ-ਵੱਖ ਸਥਾਨਾਂ ਤੋਂ ਬੱਸਾਂ ਅਤੇ ਟਰੈਕਟਰ ਟਰਾਲੀਆਂ ਦਾ ਇੰਤਜ਼ਾਮ ਕੀਤਾ ਗਿਆ ਜਿਨਾਂ ਦੁਆਰਾ ਸੰਗਤਾਂ ਇਸ ਗੁਰਮਤਿ ਸਮਾਗਮ ਵਿਚ ਚੰਗੀ ਤਦਾਦ ਵਿਚ ਪਹੁੰਚੀਆਂ। ਇਹ ਸਮਾਗਮ ਦੇ ਵਿੱਚ ਸੰਗਤਾਂ ਨੂੰ ਗੁਰਬਾਣੀ ਕੀਰਤਨ ਦੇ ਨਾਲ ਜੋੜਨ ਲਈ ਵਿਸ਼ੇਸ਼ ਤੌਰ ਤੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਜੀ ਕੁਹਾੜਕਾ ਵੱਲੋਂ ਅੰਮ੍ਰਿਤਮਈ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਪਰਮਾਤਮਾ ਦੇ ਚਰਨਾਂ ਨਾਲ ਜੋੜਿਆ ਗਿਆ। ਉਨਾਂ ਤੋਂ ਬਾਅਦ ਪੰਥ ਦੇ ਨਾਮੀ ਕਥਾਵਾਚਕ ਗਿਆਨੀ ਬੇਅੰਤ ਸਿੰਘ ਪਟਿਆਲੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਗੁਰਬਾਣੀ ਅਤੇ ਵਡਮੁੱਲੇ ਸਿੱਖੀ ਸਿਧਾਂਤਾਂ ਤੋਂ ਜਾਣੂ ਕਰਵਾਇਆ। ਉਨਾਂ ਨੇ ਹਰ ਮਨੁੱਖ ਲਈ ਅਧਿਆਤਮਕ ਦੁਨੀਆਂ ਵਿੱਚ ਗੁਰੂ ਦੇ ਮਹੱਤਵ ਵਿਸ਼ੇ ਤੇ ਭਾਈ ਮਨਸੁੱਖ ਅਤੇ ਰਾਜਾ ਸ਼ਿਵਨਾਭ ਦੇ ਪ੍ਰਮਾਣ ਦੇ ਕੇ ਸੰਗਤਾਂ ਨੂੰ ਸੱਚੇ ਗੁਰੂ ਨਾਲ ਜੁੜਣ ਦਾ ਸੰਦੇਸ਼ ਦਿੱਤਾ। ਸੰਗਤਾਂ ਜਿੱਥੇ ਗੁਰਬਾਣੀ ਕੀਰਤਨ ਦਾ ਲਾਹਾ ਲੈ ਰਹੀਆਂ ਸਨ ਉੱਥੇ ਗੁਰਮਤਿ ਵਿਚਾਰਧਾਰਾ ਨੂੰ ਅਪਣਾ ਕੇ ਆਪਣੇ ਆਪ ਨੂੰ ਭਾਗਾਂ ਵਾਲਾ ਮਹਿਸੂਸ ਕਰ ਰਹੀਆਂ ਸਨ। ਗੁਰਦੁਆਰਾ ਕਮੇਟੀ ਵੱਲੋਂ ਆਈਆਂ ਹੋਈਆਂ ਸੰਗਤਾਂ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਇਹ ਵੀ ਆਖਿਆ ਗਿਆ ਕਿ ਜਿੱਥੇ ਹਰ ਸਾਲ ਇਹਨਾਂ ਗੁਰਮਤਿ ਸਮਾਗਮਾਂ ਨੂੰ ਵੱਖ-ਵੱਖ ਸ਼ਹਿਰਾਂ ਪਿੰਡਾਂ ਵਿੱਚ ਕਰਵਾਇਆ ਜਾਂਦਾ ਹੈ ਉੱਥੇ ਆਉਣ ਵਾਲੇ ਸਮੇਂ ਦੌਰਾਨ ਨੌਜਵਾਨਾਂ ਨੂੰ ਆਪਣੇ ਵਿਰਸੇ ਨਾਲ ਜੋੜਣ ਲਈ ਇਸ ਤਰਾਂ ਦੇ ਉਪਰਾਲਿਆਂ ਦੀ ਗਿਣਤੀ ਹੋਰ ਵਧਾਈ ਜਾਵੇ। ਇਹ ਸਮਾਗਮ ਵਿੱਚ ਜਿੱਥੇ ਵਧ ਚੜ ਕੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਨੇ ਹਿੱਸਾ ਲਿਆ ਉੱਥੇ ਉਚੇਚੇ ਤੌਰ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਨੇ ਪਰਿਵਾਰਾਂ ਸਮੇਤ ਹਾਜ਼ਰੀ ਭਰੀ। ਇਸ ਮੌਕੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੁਰਜੀਤ ਸਿੰਘ ਵਲੋਂ ਆਈਆਂ ਸੰਗਤਾਂ ਅਤੇ ਬੁਲਾਰਿਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਉਨਾਂ ਨੇ ਰਹਿੰਦੇ ਸਮਾਗਮਾਂ ਵਿਚ ਸੰਗਤਾ ਨੂੰ ਵੱਧ ਚੜ ਕੇ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਸੁਸਾਇਟੀ ਵਲੋਂ ਰਾਗੀ ਜੱਥੇ, ਕਥਾਵਾਚਕ ਅਤੇ ਗੁਰਦੁਆਰਾ ਕਮੇਟੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੀ ਸਮਾਪਤੀ ਤੇ ਸੰਗਤਾਂ ਦੇ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਸਮਾਗਮ ਦੌਰਾਨ ਗੁ: ਕਮੇਟੀ ਦੇ ਮੈਂਬਰ ਸਾਹਿਬਾਨ ਵਿਚ ਨਰਿੰਦਰ ਸਿੰਘ ਪ੍ਰਧਾਨ, ਕੁਲਵਿੰਦਰ ਸਿੰਘ, ਸੁੱਚਾ ਸਿੰਘ ਸਰਪੰਚ, ਸੁਰਿੰਦਰ ਸਿੰਘ ਸਾਬਕਾ ਸਰਪੰਚ, ਬਲਕਾਰ ਸਿੰਘ ਹੈੱਡ ਗ੍ਰੰਥੀ, ਹਰਵਿੰਦਰ ਸਿੰਘ, ਲਖਵਿੰਦਰ ਸਿੰਘ, ਕੈ: ਕੁਲਵਿੰਦਰ ਸਿੰਘ, ਇੰਦਰਪ੍ਰੀਤ ਸਿੰਘ, ਕੁਲਵਿੰਦਰ ਸਿੰਘ ਹੈਪੀ, ਗੁਰਵਿੰਦਰ ਸਿੰਘ, ਹਰਬੰਸ ਸਿੰਘ ਮਹਿੰਦਰ ਸਿੰਘ, ਸਤਨਾਮ ਸਿੰਘ, ਅਮਰਜੀਤ ਸਿੰਘ ਵੀ ਮੌਜੂਦ ਸਨ। ਸੁਸਾਇਟੀ ਮੈਂਬਰਾਂ ਅਤੇ ਇਲਾਕੇ ਭਰ ਤੋਂ ਆਏ ਸੱਜਣਾਂ ਵਿਚ ਦੀਦਾਰ ਸਿੰਘ ਗਹੂੰਣ, ਉੱਤਮ ਸਿੰਘ ਸੇਠੀ, ਜਗਦੀਪ ਸਿੰਘ ਕੈਸ਼ੀਅਰ, ਪਰਮਿੰਦਰ ਸਿੰਘ ਕੰਵਲ, ਗੋਪਾਲ ਸਿੰਘ ਰੱਕੜ ਢਾਹਾਂ, ਜਗਜੀਤ ਸਿੰਘ ਬਾਟਾ, ਕਮਲਜੀਤ ਸਿੰਘ ਸੈਣੀ, ਰਮਣੀਕ ਸਿੰਘ, ਪਲਵਿੰਦਰ ਸਿੰਘ ਕਰਿਆਮ, ਕੁਲਜੀਤ ਸਿੰਘ ਖਾਲਸਾ, ਗਿਆਨ ਸਿੰਘ, ਗੁਰਦੇਵ ਸਿੰਘ ਸੋਢੀ ਮੂਸਾਪੁਰ, ਸੂਬੇਦਾਰ ਤਰਸੇਮ ਸਿੰਘ ਮੂਸਾਪੁਰ, ਜਸਕਰਨ ਸਿੰਘ ਧਰਮਕੋਟ, ਇੰਦਰਜੀਤ ਸਿੰਘ ਬਾਹੜਾ, ਬਲਵੀਰ ਸਿੰਘ ਦੇਵਗਨ, ਨਵਦੀਪ ਸਿੰਘ, ਪਰਮਜੀਤ ਸਿੰਘ ਮੂਸਾਪੁਰ, ਦਲਜੀਤ ਸਿੰਘ ਬਡਵਾਲ, ਬਖਸ਼ੀਸ਼ ਸਿੰਘ, ਹਰਭਜਨ ਸਿੰਘ ਸਿਆਣ, ਗੁਰਚਰਨ ਸਿੰਘ ਪਾਬਲਾ, ਮਨਜੀਤ ਸਿੰਘ ਮਹਿਤਪੁਰ ਅਤੇ ਸੁਰਿੰਦਰ ਸਿੰਘ ਵੀ ਮੌਜੂਦ ਸਨ ।

ਰੋਜ਼ਾਨਾ ਲੋਕ ਬਾਣੀ
www.lokbani

# ਮੈਡੀਕਲ ਪ੍ਰੈਕਟੀਸ਼ਨਰ ਅਤੇ ਵਿਲਾਸਾ ਹਸਪਤਾਲ ਨੇ ਵੱਖ-ਵੱਖ ਬਿਮਾਰੀਆਂ ਤੇ ਕਰਵਾਇਆ ਸੈਮੀਨਾਰ



ਅੰਮ੍ਰਿਤਸਰ ( ਲੋਕ ਬਾਣੀ)- ਡਿਸਟਰਿਕਟ ਮੈਡੀਕਲ ਪ੍ਰੈਕਟੀਸ਼ਨਰ ਐਸੋਸਿਏਸ਼ਨ ਅੰਮ੍ਰਿਤਸਰ ਅਤੇ ਵਿਲਾਸਾ ਹਸਪਤਾਲ (ਆਈ.ਵੀ.ਵਾਈ ਹਸਪਤਾਲ) ਵਲ਼ੋ ਗੁਰਦਿਆ ਦੀਆਂ ਬੀਮਾਰੀਆ ਅਤੇ ਆਈਸੀਯੂ ਵਿੱਚ ਕ੍ਰਿਟੀਕਲ ਐਮਰਜੈਂਸੀ ਮਰੀਜ਼ਾ ਦੇ ਰੋਗਾਂ ਤੇ ਵਿਸ਼ੇਸ਼ ਸੇਮੀਨਾਰ ਕਰਵਾਇਆ ਗਿਆ। ਜਿਸ ਵਿਚ ਖ਼ਾਸ ਤੌਰ ਤੇ ਡਾਕਟਰ ਰਾਧਿਕਾ ਗਰਗ ਕਿਡਨੀ ਰੋਗਾਂ ਦੇ ਮਾਹਿਰ ਅਤੇ ਡਾਕਟਰ ਗੌਤਮ ਪੁਰੀ ਬੱਚਿਆ ਦੇ ਰੋਗਾਂ ਦੇ ਮਾਹਿਰ ਵੱਲੋ ਬਿਮਾਰੀਆ ਸਬੰਧੀ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈ। ਇਸ ਮੌਕੇ ਵਿਲਾਸਾ ਹਸਪਤਾਲ ਵਲੋਂ ਚੇਅਰਮੈਨ ਡਾਕਟਰ ਪ੍ਰਭਜੀਤ ਸਿੰਘ ,ਪ੍ਰਧਾਨ ਡਾਕਟਰ ਜਸਪ੍ਰੀਤ ਸਿੰਘ ਅਤੇ ਐਸੋਸੀਏਸ਼ਨ ਦੇ ਸਾਰੇ ਮੈਂਬਰਾ ਦਾ ਵਿਸੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮਾਰਕੀਟਿੰਗ ਹੈਡ ਅਭਿਨਵ ਰਾਏ ਨੇ ਵਿਲਾਸਾ ਹਸਪਤਾਲ ਵੱਲੋ ਦਿੱਤੀਆ ਜਾ ਅਤਿ ਆਧੁਨਿਕ ਸਹੂਲਤਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਜਨਰਲ ਸਕੱਤਰ ਡਾ.ਪ੍ਰਭ ਸਿੰਘ,ਉਪ ਚੇਅਰਮੈਨ ਡਾ ਹਰਦਿਆਲ ਸਿੰਘ ਚੀਮਾ ,ਵਿੱਤ ਸਕੱਤਰ ਡਾ.ਸੁਰਜੀਤ ਸਿੰਘ,ਕਾਰਜਕਾਰੀ ਮੈਂਬਰ ਡਾ.ਗੁਰਮੇਜ ਸਿੰਘ,ਡਾ ਕੁਲਬੀਰ ਸਿੰਘ ,ਡਾ.ਰਛਪਾਲ ਸਿੰਘ,ਡਾ.ਪਰਮਿੰਦਰ ਸਿੰਘ ,ਡਾ.ਜਸਬੀਰ ਸਿੰਘ ,ਡਾ ਦਿਲਬਾਗ ਸਿੰਘ ,, ,ਡਾ ਬਲਦੇਵ ਸਿੰਘ , ਡਾ ਸੁਖਵਿੰਦਰ ਸਿੰਘ ਖ਼ਾਲਸਾ ,ਡਾ ਦਿਲਬਾਗ ਸਿੰਘ , ਡਾ ਭੁਪਿੰਦਰ ਸਿੰਘ ,ਡਾ ਰਾਜਵੀਰ ,ਡਾ ਬਲਵਿੰਦਰ ਸਿੰਘ ਅਤੇ ਸਾਰੇ ਮੈਂਬਰ ਸਾਹਿਬਾਨ ਹਾਜ਼ਰ ਸਨ॥

# ਕਾਨਪੁਰ ਚ ਪ੍ਰੇਮ ਵਿਆਹ ਦਾ ਮਾਮਲਾ ਸਾਹਮਣੇ ਆਇਆ ਹੈ



ਕਾਨਪੁਰ (ਸੁਨੀਲ ਬਾਜਪਾਈ) ਜਿਸ ਨੌਜਵਾਨ ਨੇ ਵਿਆਹ ਤੋਂ ਪਹਿਲਾਂ ਸ਼ਿਵਾਨੀ ਨਾਲ ਜਿਉਣ-ਮਰਨ ਦੀ ਸਹੁੰ ਖਾਧੀ ਸੀ। ਵਿਆਹ ਦੇ 4 ਸਾਲ ਬਾਅਦ ਉਹ ਉਸ ਦੇ ਨਾਨਕੇ ਘਰ ਗਿਆ ਅਤੇ ਉਸ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਪ੍ਰੇਮ ਵਿਆਹ ਦੇ ਮਾੜੇ ਕਾਰਨਾਮੇ ਦੀ ਇਹ ਘਟਨਾ ਸਿਸਾਮੌ ਥਾਣਾ ਖੇਤਰ ਚ ਵਾਪਰੀ, ਜਿਸ ਤੋਂ ਬਾਅਦ ਪੁਲਸ ਉਸ ਦੀ ਭਾਲ ਕਰ ਰਹੀ ਹੈ ਕਿ ਉਹ ਫਰਾਰ ਹੈ।

ਮੌਕੇ ਤੇ ਪਹੁੰਚੀ ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਘਟਨਾ ਦੇ ਸਮੇਂ ਸ਼ਿਵਾਨੀ ਸ਼ਾਮ ਨੂੰ ਆਪਣੇ ਨਾਨਕੇ ਘਰ ਸੀ, ਉਸ ਦਾ ਪਤੀ ਅਮਨ ਮਾਮੇ ਦੇ ਘਰ ਆਇਆ। ਇੱਥੇ ਪਹਿਲਾਂ ਝਗੜਾ ਹੋਇਆ, ਫਿਰ ਉਸ ਦੇ ਪੇਟ ਵਿੱਚ ਚਾਕੂ ਮਾਰਿਆ ਗਿਆ। ਝਗੜੇ ਵਿਚ ਹੱਥਾਂ ਅਤੇ ਚਿਹਰੇ ਤੇ ਵੀ ਜ਼ਖਮ ਲੱਗੇ ਹਨ। ਪਰਿਵਾਰ ਵਾਲੇ ਬੱਚੀ ਨੂੰ ਹਸਪਤਾਲ ਲੈ ਗਏ, ਜਿੱਥੇ ਸ਼ੁੱਕਰਵਾਰ ਨੂੰ ਇਲਾਜ ਦੌਰਾਨ ਸ਼ਿਵਾਨੀ ਦੀ ਮੌਤ ਹੋ ਗਈ। ਮਰ ਗਿਆ। ਸ਼ਿਵਾਨੀ ਦੀ ਮਾਂ ਪੂਜਾ ਦੇਵੀ ਨੇ ਪੁਲਿਸ ਨੂੰ ਦੱਸਿਆ - 4 ਸਾਲ ਪਹਿਲਾਂ ਬੇਟੀ ਸ਼ਿਵਾਨੀ ਰਾਜਪੂਤ (23) ਦਾ ਵਿਆਹ ਚਾਚਾ ਨਹਿਰੂ ਚਿਲਡਰਨ ਹਸਪਤਾਲ ਬਾਂਸਮੰਡੀ ਕੈਂਪਸ ਚ ਰਹਿਣ ਵਾਲੇ ਈ-ਰਿਕਸ਼ਾ ਚਾਲਕ ਅਮਨ ਨਾਲ ਹੋਇਆ ਸੀ। ਇਹ ਪ੍ਰੇਮ ਵਿਆਹ ਸੀ। ਪਰਿਵਾਰ ਇਸ ਵਿਆਹ ਦੇ ਖਿਲਾਫ ਸੀ।

ਦੋਸ਼ ਹੈ ਕਿ ਦਾਜ ਦੀ ਮੰਗ ਨੂੰ ਲੈ ਕੇ ਅਮਨ ਉਸ ਦੀ ਰੋਜ਼ਾਨਾ ਕੁੱਟਮਾਰ ਕਰਦਾ ਸੀ। ਇਸ ਜੋੜੇ ਦਾ ਵਿਆਹ ਤੋਂ ਡੇਢ ਸਾਲ ਦਾ ਬੇਟਾ ਵੀ ਹੈ। ਕੁੱਟਮਾਰ ਤੋਂ ਤੰਗ ਆ ਕੇ ਧੀ ਕੁਝ ਮਹੀਨੇ ਪਹਿਲਾਂ ਆਪਣੇ ਪੇਕੇ ਘਰ ਆਈ ਸੀ। ਪੁਲਿਸ ਨੂੰ ਦੱਸਿਆ ਗਿਆ ਕਿ ਅਮਨ ਸ਼ੁੱਕਰਵਾਰ ਰਾਤ ਨੂੰ ਘਰ ਪਹੁੰਚਿਆ ਅਤੇ ਫਿਰ ਤੋਂ ਦਾਜ ਦੀ ਮੰਗ ਨੂੰ ਲੈ ਕੇ ਬਹਿਸ ਕਰਨ ਲੱਗੀ। ਇੰਨਾ ਹੀ ਨਹੀਂ ਉਸ ਨੇ ਮੈਨੂੰ ਧਮਕੀਆਂ ਦਿੰਦੇ ਹੋਏ ਕਿਹਾ ਕਿ ਮੈਂ ਤੈਨੂੰ ਤਲਾਕ ਦੇ ਕੇ ਕਿਸੇ ਹੋਰ ਨਾਲ ਵਿਆਹ ਕਰਨ ਜਾ ਰਿਹਾ ਹਾਂ। ਇਸ ਗੱਲ ਨੂੰ ਲੈ ਕੇ ਪਤੀ-ਪਤਨੀ ਵਿਚਕਾਰ ਝਗੜਾ ਹੋ ਗਿਆ। ਇਸ ਤੋਂ ਬਾਅਦ ਅਮਨ ਨੇ ਸ਼ਿਵਾਨੀ ਨੂੰ ਜ਼ਮੀਨ ਤੇ ਸੁੱਟ ਦਿੱਤਾ ਅਤੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ। ਉਸ ਦੇ ਪੇਟ ਵਿੱਚ ਛੁਰਾ ਮਾਰਿਆ। ਇਸ ਤੋਂ ਬਾਅਦ ਉਹ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਉਸ ਦੀ ਭਾਲ ਕਰ ਰਹੀ ਹੈ।

# ਮਾਈ ਭਾਗੋ ਕਾਲਜ ਆਫ ਐਜੂਕੇਸ਼ਨ ਰੱਲਾ ਵੱਲੋਂ ਸਵੱਛਤਾ ਹੀ ਸੇਵਾ ' ਪ੍ਰੋਗਰਾਮ ਦਾ ਆਯੋਜਨ ਕੀਤਾ




ਜੋਗਾ( ਲੋਕ ਬਾਣੀ)-ਬੀਤੇ ਦਿਨੀਂ ਮਾਈ ਭਾਗੋ ਕਾਲਜ ਆਫ ਐਜੂਕੇਸ਼ਨ ਰੱਲਾ ਵਿਖੇ ਪ੍ਰਿੰਸੀਪਲ ਡਾ. ਪਰਮਿੰਦਰ ਕੁਮਾਰੀ ਦੀ ਰਹਿਨੁਮਾਈ ਹੇਠ ਭਾਰਤ ਸਰਕਾਰ ਦੇ ਯੁਵਕ ਸੇਵਾਵਾਂ, ਖੇਡ ਮੰਤਰਾਲੇ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐੱਨ ਐੱਸ ਐੱਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ' ਸਵੱਛਤਾ ਹੀ ਸੇਵਾ ' ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਮੌਕੇ ਐਜੂਕੇਸ਼ਨ ਕਾਲਜ ਦੇ ਪ੍ਰੋਗਰਾਮ ਅਫਸਰ ਸ਼ਰਨਜੀਤ ਸਿੰਘ ਦੀ ਅਗਵਾਈ ਹੇਠ ਨਹਿਰੂ ਯੁਵਾ ਕੇਂਦਰ ਮਾਨਸਾ ਦੇ ਸਹਿਯੋਗ ਨਾਲ ਕੌਮੀ ਸੇਵਾ ਯੋਜਨਾ ਇਕਾਈਆਂ ਦੁਆਰਾ ਸਫਾਈ ਕੈਂਪ ਲਗਾਇਆ ਗਿਆ। ਮਾਈ ਭਾਰਤ ਮੁਹਿੰਮ ਤਹਿਤ ਕਾਲਜ ਕੈਂਪਸ ਦੇ ਆਲੇ ਦੁਆਲੇ ਦੀ ਸਫਾਈ ਦੌਰਾਨ ਪਲਾਸਟਿਕ ਇਕੱਠੀ ਕਰਕੇ ਇਸਦੀ ਮੁੜ ਵਰਤੋਂ ਦਾ ਸੁਨੇਹਾ ਦਿੱਤਾ ਗਿਆ। ਮਾਈ ਭਾਰਤ ਮੁਹਿੰਮ ਤਹਿਤ ਵਿਦਿਆਰਥੀ ਨੂੰ ਸਾਫ ਸਫਾਈ ਪ੍ਰਤੀ ਜਾਗਰੂਕਤਾ ਕਰਨ ਤੋਂ ਇਲਾਵਾ ਰੁੱਖ ਲਗਾਉਣ ਅਤੇ ਸਵੱਛਤਾ ਦੇ ਮਹੱਤਵ ਪ੍ਰਤੀ ਜਾਣਕਾਰੀ ਦਿੱਤੀ ਗਈ । ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਹਿਰੂ ਯੁਵਾ ਕੇਂਦਰ ਮਾਨਸਾ ਤੋਂ ਜਿਲ੍ਹਾ ਯੂਥ ਅਫਸਰ ਸਰਬਜੀਤ ਸਿੰਘ ਕਿਹਾ ਕਿ ਵਾਤਾਵਰਣ ਦੀ ਸੰਭਾਲ ਅਤੇ ਸਾਫ ਸਫਾਈ ਹਰ ਨਾਗਰਿਕ ਦਾ ਫਰਜ ਬਣਦਾ ਹੈ। ਉਹਨਾਂ ਕਿਹਾ ਕਿ ਸੰਸਥਾਵਾਂ ਨੂੰ ਸਰਕਾਰ ਦੁਆਰਾ ਵਾਤਾਵਰਣ ਅਤੇ ਸਿਹਤ ਸੰਭਾਲ ਲਈ ਚਲਾਈਆਂ ਜਾਂਦੀਆਂ ਮੁਹਿੰਮਾਂ ਦਾ ਹਿੱਸਾ ਬਨਣਾ ਚਾਹੀਦਾ ਹੈ। ਇਸ ਮੌਕੇ ਵਿਦਿਆਰਥੀਆਂ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ.ਪਰਮਿੰਦਰ ਕੁਮਾਰੀ ਜੀ ਨੇ ਕਿਹਾ ਕਿ ਕੂੜੇ ਕਰਕਟ ਦੀ ਸਹੀ ਨਿਕਾਸੀ ਨਾ ਹੋਣ ਕਾਰਨ ਡੇਂਗੂ ਮਲੇਰੀਆ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ, ਇਸ ਲਈ ਅਜਿਹੀਆਂ ਜਾਨਲੇਵਾ ਬਿਮਾਰੀਆਂ ਤੋਂ ਬਚਣ ਲਈ ਸਾਫ ਸਫਾਈ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਪ੍ਰੋਗਰਾਮ ਅਫ਼ਸਰ ਸ਼ਰਨਜੀਤ ਸਿੰਘ ਨੇ ਕਿਹਾ ਕਿ ਮਾਈ ਭਾਰਤ ਮੁਹਿੰਮ ਤਹਿਤ ਸਿਹਤ, ਸੱਭਿਆਚਾਰ ਤੇ ਵਿਕਾਸ ਸਬੰਧੀ ਅਜਿਹੇ ਪ੍ਰੋਗਰਾਮਾਂ ਨੂੰ ਭਰਵਾਂ ਹੁੰਗਾਰਾ ਮਿਲਣਾ ਚਾਹੀਦਾ ਹੈ ਤਾਂ ਕਿ ਸਵੱਛ ਭਾਰਤ ਸਵਸਥ ਭਾਰਤ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਬਲਵਿੰਦਰ ਸਿੰਘ ਬਰਾੜ ਅਤੇ ਮੈਨੇਜਿੰਗ ਡਾਇਰੈਕਟਰ ਸ੍ਰ. ਕੁਲਦੀਪ ਸਿੰਘ ਖਿਆਲਾ ਜੀ ਨੇ ਅਜਿਹੇ ਵਿਸ਼ੇਸ ਪ੍ਰੋਗਰਾਮਾਂ ਦਾ ਆਯੋਜਨ ਕਰਨ ਦੀ ਵਚਨਵੱਧਤਾ ਪ੍ਰਗਟ ਕੀਤੀ ਜਿੰਨਾ ਦੁਆਰਾ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਸਮਾਜ ਵਿਕਾਸ ਪ੍ਰਤੀ ਜਾਗਰੂਕਤਾ ਨਾਲ ਜੋੜਿਆ ਜਾ ਸਕੇ।

ਇਸ ਵਿਸ਼ੇਸ਼ ਮੌਕੇ ਸਟੇਟ ਐਵਾਰਡੀ ਮਨੋਜ ਕੁਮਾਰ,ਨਹਿਰੂ ਯੁਵਾ ਕੇਂਦਰ ਦੀ ਟੀਮ ਤੋਂ ਇਲਾਵਾ ਕੋਆਰਡੀਨੇਟਰ ਮਨਦੀਪ ਸਿੰਘ, ਅਸਿ.ਪ੍ਰੋਫੈਸਰ ਗਿੰਨੀ ਬਾਂਸਲ, ਲਖਵੀਰ ਕੌਰ, ਅਮਨਦੀਪ ਕੌਰ, ਸਮੂਹ ਸਟਾਫ ਅਤੇ ਵਲੰਟੀਅਰ ਸਾਮਿਲ ਸਨ।

# ਪਟਾਕਿਆਂ ਦੀ ਵਿਕਰੀ ਲਈ ਆਰਜ਼ੀ ਲਾਇਸੈਂਸਾਂ ਵਾਸਤੇ ਡਰਾਅ 18 ਅਕਤੂਬਰ ਨੂੰ: ਜ਼ਿਲ੍ਹਾ ਮੈਜਿਸਟ੍ਰੇਟ



ਬਰਨਾਲਾ, ( ਲੋਕ ਬਾਣੀ) ਦੀਵਾਲੀ/ਗੁਰਪੁਰਬ ਦੇ ਮੱਦੇਨਜ਼ਰ ਗਰੀਨ ਪਟਾਕਿਆਂ ਦੇ ਆਰਜ਼ੀ ਲਾਇਸੈਂਸ ਲਈ ਅਪਲਾਈ ਕਰਨ ਵਾਲਿਆਂ ਲਈ ਡਰਾਅ 18 ਅਕਤੂਬਰ ਨੂੰ ਕੱਢੇ ਜਾਣਗੇ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਪ੍ਰਾਪਤ ਹੋਈਆਂ ਦਰਖਾਸਤਾਂ ਅਨੁਸਾਰ ਡਰਾਅ ਰਾਹੀਂ ਆਰਜ਼ੀ ਲਾਇਸੈਂਸ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪਬਲਿਕ ਪਟਾਕਿਆਂ ਦੀ ਵਿਕਰੀ ਲਈ 7 ਅਕਤੂਬਰ ਤੋਂ 9 ਅਕਤੂਬਰ ਤੱਕ ਅਸਥਾਈ ਲਾਇਸੈਂਸ ਲੈਣ ਲਈ ਸੇਵਾ ਕੇਂਦਰਾਂ ਤੇ ਅਪਲਾਈ ਕੀਤਾ ਜਾ ਸਕੇਗਾ, ਜਿਸ ਸਬੰਧੀ 18 ਅਕਤੂਬਰ ਨੂੰ ਡਰਾਅ ਕੱਢਿਆ ਜਾਵੇਗਾ।

ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਮੈਰਿਜ ਪੈਲੇਸਾਂ ਵਿੱਚ ਵਿਆਹ ਅਤੇ ਹੋਰ ਸਮਾਗਮਾਂ ਦੇ ਮੌਕੇ ਪਟਾਖੇ ਚਲਾਉਣ ਲਈ ਵੱਖਰਾ ਲਾਇਸੈਂਸ ਲੈਣਾ ਹੋਵੇਗਾ, ਜਿਸ ਦੀ ਪੂਰਨ ਜ਼ਿੰਮੇਵਾਰੀ ਮੈਰਿਜ ਪੈਲੇਸ ਦੇ ਮਾਲਕ ਦੀ ਹੋਵੇਗੀ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਮਾਣਯੋਗ ਸੁਪਰੀਮ ਕੋਰਟ ਦੀਆਂ ਦੇ ਦਿਸ਼ਾ ਨਿਰਦੇਸ਼ਾਂ ਦੀ ਰੌਸ਼ਨੀ ਵਿੱਚ ਗਰੀਨ ਪਟਾਕਿਆਂ ਲਈ ਹੀ ਲਾਈਸੈਂਸ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲਾਇਸੈਂਸ ਧਾਰਕ ਲੋੜੀਂਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਪਟਾਕਿਆਂ ਦੀ ਵਿਕਰੀ ਨਿਰਧਾਰਤ ਥਾਵਾਂ ਤੇ ਹੀ ਕੀਤੀ ਜਾ ਸਕੇਗੀ।

# ਸ਼੍ਰੀ ਰਾਮ ਚੰਦਰ ਜੀ ਨੇ ਸਵੰਬਰ ਦੌਰਾਨ ਤੋੜਿਆ ਸਿਵ ਧਨੁਸ਼

## ਸੀਤਾ ਮਾਤਾ ਜੀ ਦੀ ਵਿਦਾਇਗੀ ਦੇ ਦ੍ਰਿਸ਼ ਦੌਰਾਨ ਦਰਸ਼ਕਾਂ ਦੀਆਂ ਅੱਖਾਂ ਹੋਇਆਂ ਨਮ

ਮਾਨਸਾ,( ਲੋਕ ਬਾਣੀ)--ਸ਼੍ਰੀ ਸੁਭਾਸ਼ ਡਰਾਮਾਟਿਕ ਕੱਲਬ ਵਿਖੇ ਸ਼੍ਰੀ ਰਾਮ ਲੀਲਾ ਜੀ ਦੇ ਮੰਚਨ ਦੀ ਚੌਥੀ ਨਾਈਟ ਦਾ ਉਦਘਾਟਨ ਸੀਨੀਅਰ ਵਾਇਸ ਪ੍ਰਧਾਨ ਨਗਰ ਕੌਂਸਲ ਮਾਨਸਾ ਸ਼੍ਰੀ ਸੁਨੀਲ ਕੁਮਾਰ ਨੀਨੂ ਨੇ ਰੀਬਨ ਕੱਟ ਕੇ ਉਦਘਾਟਨ ਕੀਤਾ ਅਤੇ ਸਾਬਕਾ ਸਰਪੰਚ ਖਿਆਲਾਂ ਕਲਾਂ ਅਤੇ ਪ੍ਰਧਾਨ ਟਰਾਂਸਪੋਰਟ ਵਿੰਗ ਆਮ ਆਦਮੀ ਪਾਰਟੀ ਸ਼੍ਰੀ ਰਮੇਸ਼ ਸ਼ਰਮਾ ਵੱਲੋਂ ਆਰਤੀ ਦੀ ਰਸਮ ਅਦਾ ਕੀਤੀ ਗਈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੇ ਦੱਸੇ ਪੁਰਣਿਆਂ ਉਪਰ ਚੱਲਣ ਦੀ ਲੋੜ ਹੈ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਬਹੁਤ ਕੁਝ ਸਿੱਖਣ ਦੀ ਲੋੜ ਹੈ।

ਇਸ ਮੌਕੇ ਕਲੱਬ ਦੇ ਚੇਅਰਮੈਨ ਸ਼੍ਰੀ ਅਸ਼ੋਕ ਗਰਗ ਅਤੇ ਪ੍ਰਧਾਨ ਸ਼੍ਰੀ ਪ੍ਰਵੀਨ ਗੋਇਲ ਵੱਲੋਂ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਕਲੱਬ ਦੇ ਕਲਾਕਾਰਾਂ ਵੱਲੋਂ ਸਖ਼ਤ ਮਿਹਨਤ ਦੀ ਰਿਹਰਸਲ ਤੋਂ ਬਾਅਦ ਸ਼੍ਰੀ ਰਾਮ ਲੀਲਾ ਜੀ ਦਾ ਮੰਚਨ ਆਪ ਸਭ ਦੇ ਸਨਮੁੱਖ ਪੇਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇ ਮਨ ਵਿੱਚ ਸੇਵਾ ਕਰਨ ਦੀ ਭਾਵਨਾ ਹੋਵੇ ਤਾਂ ਸਭ ਕੁਝ ਪਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸ਼੍ਰੀ ਰਮਾਇਣ ਜੀ ਤੋਂ ਸਿੱਖਿਆ ਲੈ ਕੇ ਹਰੇਕ ਵਿਅਕਤੀ ਨੂੰ ਉਸ ਉਪਰ ਅਮਲ ਕਰਨ ਦੀ ਲੋੜ ਹੈ।

ਵਾਇਸ ਪ੍ਰਧਾਨ ਮੈਨੇਜਿੰਗ ਕਮੇਟੀ ਸ਼੍ਰੀ ਸੁਰਿੰਦਰ ਨੰਗਲਿਆ ਨੇ ਦੱਸਿਆ ਕਿ ਅੱਜ ਦਾ ਨਾਈਟ ਦਾ ਸ਼ੁਭ ਆਰੰਭ ਸ਼੍ਰੀ ਰਾਮ—ਲਕਸ਼ਮਣ ਜੀ ਦੀ ਆਰਤੀ ਕਰ ਕੇ ਕੀਤਾ ਗਿਆ।ਉਸ ਉਪਰੰਤ ਪ੍ਰਭੂ ਸ਼੍ਰੀ ਰਾਮ ਜੀ ਦਾ ਜਨਕ ਪੁਰੀ ਪੁਸ਼ਪਵਾਟਿਕਾ ਵਿੱਚ ਆਉਣਾ ਤੇ ਪੂਜਾ ਲਈ ਫੁੱਲ ਲੈਣ ਤੋਂ ਬਾਅਦ ਮਾਤਾ ਸੀਤਾ ਦਾ ਮਾਂ ਗੋਰਾਂ ਦੀ ਪੂਜਾ ਕਰਨਾ, ਪੁਸ਼ਪਵਾਟਿਕਾ ਵਿੱਚ ਸੀਤਾ ਮਾਤਾ ਦਾ ਸ਼੍ਰੀ ਰਾਮ ਚੰਦਰ ਜੀ ਨੂੰ ਦੇਖਣਾ, ਸ਼ਿਵਜੀ ਦੇ ਧਨੁਸ਼ ਦੀ ਆਰਤੀ ਕਰਨਾ, ਰਾਜਿਆਂ ਦਾ ਧਨੁੱਸ਼ ਤੋੜਨ ਲਈ ਜ਼ੋਰ ਲਗਾਉਣਾ, ਸ਼੍ਰੀ ਰਾਮ ਜੀ ਵੱਲੋਂ ਧਨੁਸ਼ ਤੋੜਨਾ, ਭਗਵਾਨ ਪਰਸ਼ੂਰਾਮ ਦਾ ਆਉਣਾ, ਲਕਸ਼ਮਣ—ਪਰਸ਼ੂਰਾਮ ਸੰਵਾਦ, ਮਾਤਾ ਸੀਤਾ ਜੀ ਦੀ ਵਿਦਾਇਗੀ ਆਦਿ ਦ੍ਰਿਸ਼ ਦਿਖਾਏ ਗਏ।





ਪ੍ਰਧਾਨ ਐਕਟਰ ਬਾਡੀ ਸ਼੍ਰੀ ਵਰੁਣ ਬਾਂਸਲ ਵੀਨੂੰ ਨੇ ਦੱਸਿਆ ਕਿ ਸ਼੍ਰੀ ਰਾਮ ਜੀ ਦੇ ਰੋਲ ਵਿੱਚ ਵਿਪਨ ਕੁਮਾਰ, ਮਾਤਾ ਸੀਤਾ ਦੇ ਰੋਲ ਵਿੱਚ ਡਾ. ਵਿਕਾਸ ਸ਼ਰਮਾ, ਲਕਸ਼ਮਣ ਜੀ ਦੇ ਰੋਲ ਵਿੱਚ ਸੋਨੂੰ ਰੱਲਾ, ਮਨੀ, ਹੈਪੀ, ਸੰਜੂ, ਹਰਮਣ, ਵਿਸ਼ਾਲ (ਸਖੀਆਂ), ਰਾਜੂ ਬਾਵਾ, ਰਮੇਸ਼ ਬਚੀ, ਗਗਨਦੀਪ ਵਿੱਕੀ, ਨਰੇਸ਼ ਬਾਂਸਲ, ਅਨੀਸ਼ ਕੁਮਾਰ, ਮਨੋਜ ਮੋਨੂੰ, ਚੇਤਨ, ਸਾਹਿਲ, ਮੇਹੁਲ, ਵੰਸ਼, ਸਮਰ ਸ਼ਰਮਾ, ਜੀਵਨ, ਸ਼ੰਟੀ ਅਰੋੜਾ, ਬੰਟੀ, ਬੱਬੂ, ਰਿੰਕੂ, ਵਿਸ਼ਾਲ ਸ਼ਰਮਾ ਵਿੱਕੀ, ਸਤੀਸ਼ ਅਤੇ ਆਦੀਸ਼ ਤੋਂ ਇਲਾਵਾ ਹੋਰ ਕਲਾਕਾਰਾਂ ਵੱਲੋਂ ਆਪਣੇ—ਆਪਣੇ ਰੋਲ ਬਾਖ਼ੂਬੀ ਨਿਭਾਏ ਗਏ।ਇਸ ਦੌਰਾਨ ਸੰਗੀਤ ਨਿਰਦੇਸ਼ਕ ਸੇਵਕ ਸੰਦਲ ਦੀ ਅਗਵਾਈ ਹੇਠ ਮੋਹਨ ਸੋਨੀ ਹਾਰਮੋਨੀਅਮ ਪਲੇਅਰ, ਅਮਨ ਸਿੱਧੂ ਢੋਲਕ ਵਾਦਕ ਅਤੇ ਦਰਸ਼ਨ ਦੀ ਘੜਾ ਵਾਦਕ ਨੇ ਗੀਤਾਂ ਵਿੱਚ ਆਪਣਾ ਸੰਗੀਤ ਦਿੱਤਾ।

ਇਸ ਮੌਕੇ ਸੀਨੀਅਰ ਵਾਇਸ ਪ੍ਰਧਾਨ ਪ੍ਰੇਮ ਕੁਮਾਰ, ਕੈਸ਼ੀਅਰ ਸੁਸ਼ੀਲ ਕੁਮਾਰ ਵਿੱਕੀ, ਆਰ.ਸੀ. ਗੋਇਲ, ਸਟੇਜ—ਕਮ—ਪ੍ਰੈਸ ਸਕੱਤਰ ਬਲਜੀਤ ਸ਼ਰਮਾ, ਸਟੇਜ ਸਕੱਤਰ ਅਰੁਣ ਅਰੋੜਾ, ਰਾਜ ਕੁਮਾਰ ਰਾਜੀ, ਰਾਜੇਸ਼ ਪੂੜਾ, ਪੁਨੀਤ ਸ਼ਰਮਾ ਗੋਗੀ, ਇੰਦਰਜੀਤ ਗਰਗ, ਦੀਪਕ ਦੀਪੂ, ਸੰਦੀਸ਼, ਗੋਰਾ ਸ਼ਰਮਾ, ਪਵਨ, ਜਗਨਨਾਥ ਕੋਕਲਾ, ਅਸ਼ੋਕ ਟੀਟਾ, ਮਨਜੀਤ ਬੱਬੀ, ਕੇਵਲ ਅਜਨਬੀ, ਗੋਰਵ ਬਜਾਜ ਅਤੇ ਯੋਗੇਸ਼ ਤੋਂ ਇਲਾਵਾ ਹੋਰ ਵੀ ਅਹੁਦੇਦਾਰ ਅਤੇ ਮੈਂਬਰ ਮੌਜੂਦ ਸਨ

# ਸਬਜ਼ੀਆਂ ਦੇ ਭਾਅ ਅਸਮਾਨੀ ਛੂਹੇ ,ਦਾਲਾਂ ਨੇ ਵੀ ਕੱਢੇ ਵੱਟ, ਮਹਿੰਗੇ ਤੇਲ ਪਿਆਜ਼ ਨੇ ਤੜਕੇ ਕੀਤੇ ਫਿੱਕੇ

ਸ੍ਰੀ ਮਾਛੀਵਾੜਾ ਸਾਹਿਬ–( ਲੋਕ ਬਾਣੀ)--ਮਹਿੰਗਾਈ ਦੇ ਯੁੱਗ ਵਿੱਚ ਹਰ ਚੀਜ਼ ਦਾ ਭਾਅ ਅੱਜਕੱਲ ਅਸਮਾਨੀ ਚੜ੍ਹਿਆ ਫਿਰਦਾ। ਘਰ ਵਿੱਚ ਹਰ ਰੋਜ਼ ਜ਼ਰੂਰਤ ਦੀਆਂ ਵਸਤਾਂ ਕਰਿਆਣਾ, ਸਬਜ਼ੀਆਂ ਦੇ ਰੇਟਾਂ ਨੇ ਤਾਂ ਹੱਦ ਹੀ ਕਰ ਦਿੱਤੀ ਹੈ। ਪਿਛਲੇ ਦਿਨੀ ਹਫਤੇ ਕੁ ਦੇ ਥੋੜ੍ਹੇ ਸਮੇਂ ਵਿੱਚ ਜਿੱਥੇ ਤੇਲ ਦੇ ਰੇਟ ਪ੍ਰਤੀ ਟੀਨ 500 ਤੋਂ 700 ਤੱਕ ਵਧੇ ਉਥੇ ਹੀ ਬਾਜ਼ਾਰ ਰੇੜੀਆਂ ਦੁਕਾਨਾਂ ਤੇ ਹਰ ਰੋਜ਼ ਵਰਤੋਂ ਵਿੱਚ ਆਉਣ ਵਾਲੀਆਂ ਸਬਜ਼ੀਆਂ ਨੇ ਕੰਨੀ ਹੱਥ ਲਵਾ ਦਿੱਤੇ ਹਨ। ਅੱਜ ਜਦੋਂ ਪੱਤਰਕਾਰਾਂ ਵੱਲੋਂ ਬਾਜ਼ਾਰ ਵਿੱਚ ਚੱਕਰ ਲਗਾ ਕੇ ਸਬਜ਼ੀਆਂ ਦੇ ਰੇਟ ਪਤਾ ਕੀਤੇ ਤਾਂ ਹੋਸ਼ ਉੱਡ ਗਏ। ਹਰ ਰੋਜ਼ ਹਰ ਸਬਜ਼ੀ ਵਿੱਚ ਪਾਇਆ ਜਾਣ ਵਾਲਾ ਆਲੂ 30 ਰੁਪਏ ਕਿਲੋ ਤੋਂ ਪਾਰ ਹੋ ਚੁੱਕਾ ਹੈ , ਗੋਭੀ 70 ਰੁਪਏ ,ਬਤਾਊ 60 ਰੁਪਏ ,ਆਮ ਮਿਲਣ ਵਾਲਾ ਘਈਆ 50 ਰੁਪਏ ਪ੍ਰਤੀ ਕਿਲੋ, ਕਾਲੀ ਤੋਰੀ 60 ਰੁਪਏ, ਲਸਣ 350 ਕਿੱਲੋ ਤੋਂ ਵੀ ਵੱਧ ਰੇਟ ਤੇ ਮਿਲ ਰਿਹਾ ਹੈ। ਟਮਾਟਰ ਵੀ ਚੰਗੀ ਲਾਲੀ ਦਿਖਾਉਂਦਿਆਂ 100 ਰੁਪਏ ਕਿਲੋ ਮਿਲ ਰਹੇ ਹਨ। ਮਿਰਚਾਂ ਵੀ ਚੰਗਾ ਕੰਨੀ ਹੱਥ ਲਵਾ ਰਹੀਆਂ ਹਨ ਹਰੀ ਮਿਰਚ 120 ਰੁਪਏ ਪ੍ਰਤੀ ਕਿਲੋ ਜਦਕਿ ਹਰਾ ਮਟਰ 150 ਰੁਪਏ ਤੋਂ ਵੀ ਵੱਧ ਮਹਿੰਗਾ ਹੋਈਆ ਫਿਰਦਾ ਹੈ। ਕਰਿਆਨੇ ਦੀ ਦੁਕਾਨ ਤੇ ਵੜ ਕੇ ਦੇਖਿਆ ਜਾਵੇ ਤਾਂ ਕਿਸੇ ਸੌਦੇ ਨੂੰ ਹੱਥ ਲਾਉਣ ਨੂੰ ਚਿੱਤ ਨਹੀਂ ਕਰਦਾ ਦਾਲਾਂ 100 ਤੋਂ 150 ਰੁਪਏ ਕਿਲੋ ਦੇ ਹਿਸਾਬ ਨਾਲ ਮਿਲ ਰਹੀਆਂ ਹਨ ਇਹਨਾਂ ਦਾਲਾਂ ਸਬਜ਼ੀਆਂ ਨੂੰ ਲਗਾਇਆ ਜਾਣ ਵਾਲਾ ਤੜਕਾ ਜਿਸ ਵਿੱਚ ਘਿਓ ਰਿਫਾਇੰਡ ਤੇ ਪਿਆਜ ਪਾਇਆ ਜਾਂਦਾ ਉਹ ਸਭ ਤੋਂ ਮਹਿੰਗੇ ਹੋਏ ਫਿਰਦੇ ਹਨ ਦਿਨਾਂ ਵਿੱਚ ਹੀ ਇਹਨਾਂ ਦਾ ਭਾਅ ਦੁਗਣਾ ਹੋ ਚੁੱਕਾ ਹੈ ਪਿਆਜ 60 ਰੁਪਏ ਤੋਂ 70 ਕਿਲੋ ਵਿਕਣ ਲਈ ਤਿਆਰ ਹੈ। ਜਦਕਿ ਤੜਕੇ ਲਾਏ ਜਾਣ ਵਾਲੇ ਤੇਲ ਰਿਫਾਈਂਡ ਨੇ ਦਿਨਾਂ ਵਿੱਚ ਹੀ ਤੇਜ਼ੀ ਦਿਖਾਉਂਦਿਆਂ ਪ੍ਰਤੀ ਪੀਪਾ 2200/ਤੋਂ2300 ਨੂੰ ਮਿਲ ਰਿਹਾ ਹੈ। ਜੇਕਰ ਦੁਕਾਨਦਾਰਾਂ ਨਾਲ ਗੱਲ ਕਰੀਏ ਤਾਂ ਉਹ ਵੀ ਨਿਰਾਸ਼ਾ ਦੇ ਆਲਮ ਵਿੱਚ ਹਨ ਉਹਨਾਂ ਦਾ ਕਹਿਣਾ ਕਿ ਸਬਜ਼ੀ ਖਰੀਦਣ ਲਈ ਗ੍ਰਾਹਕ ਆਉਂਦਾ ਤਾਂ ਬਹੁਤ ਹੈ ਪਰ ਰੇਟ ਸੁਣ ਕੇ ਸਬਜ਼ੀ ਨੂੰ ਹੱਥ ਲਾਏ ਬਿਨਾਂ ਹੀ ਵਾਪਸ ਮੁੜ ਜਾਂਦਾ ਹੈ। ਤੇ ਉਹਨਾਂ ਨੂੰ ਇਹੀ ਸਬਜ਼ੀਆਂ ਦੂਸਰੇ ਦਿਨ ਪਸ਼ੂਆਂ ਨੂੰ ਪਾਉਣ ਲਈ ਮਜਬੂਰ ਹੋਣਾ ਪੈਂਦਾ ਹੈ ,ਜਿਸ ਕਾਰਨ ਉਹ ਆਰਥਿਕ ਨੁਕਸਾਨ ਝੱਲ ਰਹੇ ਹਨ। ਆਮ ਵਰਗ ਦੇ ਲੋਕਾਂ ਲਈ ਇਹ ਦਾਲਾਂ ਸਬਜ਼ੀਆਂ ਕਿਤੇ ਸੁਪਨਾ ਬਣ ਕੇ ਹੀ ਨਾ ਰਹਿ ਜਾਣ ਕਿਉਂਕਿ ਤਿਉਹਾਰਾਂ ਦਾ ਸੀਜ਼ਨ ਵੀ ਸ਼ੁਰੂ ਹੋ ਗਏ ਇਸ ਹਿਸਾਬ ਨਾਲ ਤਾ ਇਹ ਰੇਟ ਆਉਣ ਵਾਲੇ ਸਮੇਂ ਵਿੱਚ ਘੱਟਣ ਦੀ ਥਾਂ ਹੋਰ ਵੀ ਵੱਧਣਗੇ, ਸਬਜੀ ਖਰੀਦਣ ਆਈਆਂ ਕੁਝ ਔਰਤਾਂ ਨਾਲ ਜਦੋਂ ਗੱਲ ਕੀਤੀ ਤਾਂ ਉਹਨਾਂ ਨਿਰਾਸ਼ਾ ਦੇ ਆਲਮ ਵਿੱਚ ਕਿਹਾ ਕਿ ਇਸ ਮਹਿੰਗਾਈ ਦੇ ਯੁੱਗ ਵਿੱਚ ਵਧੇ ਹੋਏ ਰੇਟਾਂ ਨੇ ਉਹਨਾਂ ਦੀ ਰਸੋਈ ਦਾ ਬਜਟ ਵਿਗਾੜ ਕੇ ਰੱਖ ਦਿੱਤਾ ਹੈ। ਕਿਉਂਕਿ ਕੰਮ ਕਾਰਾਂ ਦੇ ਵਿੱਚ ਇੰਨੀ ਤੇਜ਼ੀ ਨਹੀਂ ਆਈ ਤੇ ਤਨਖਾਹਦਾਰਾਂ ਦੀਆਂ ਵੀ ਤਨਖਾਹਾਂ ਇੰਨੀਆਂ ਨਹੀਂ ਵਧੀਆਂ ਜਿੰਨੇ ਸਬਜ਼ੀਆਂ ਦਾਲਾਂ ਤੇ ਕਰਿਆਨੇ ਦੇ ਸਮਾਨ ਦੇ ਰੇਟ ਦਿਨਾਂ ਵਿੱਚ ਦੁਗਣੇ ਚੌਗੁਣੇ ਹੋ ਗਏ ਹਨ।



SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgleries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS EDUCATIONAL EXCELLENCE
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com